ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੪ ੧ੴ ਸਤਿਗੁਰ ਪ੍ਰਸਾਦਿ ॥ ਵਡਭਾਗੀਆ ਸੋਹਾਗਣੀ ਜਿਨ੍ਹ੍ਹਾ ਗੁਰਮੁਖਿ ਮਿਲਿਆ ਹਰਿ ਰਾਇ ॥ ਅੰਤਰਿ ਜੋਤਿ ਪਰਗਾਸੀਆ ਨਾਨਕ ਨਾਮਿ ਸਮਾਇ ॥੧॥ {ਪੰਨਾ 1421}

ਪਦ ਅਰਥ:- ਸੋਹਾਗਣੀ—ਸੁਹਾਗ ਵਾਲੀਆਂ, ਖਸਮ ਵਾਲੀਆਂ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਹਰਿ ਰਾਇ—ਪ੍ਰਭੂ-ਪਾਤਿਸ਼ਾਹ। ਅੰਤਰਿ—(ਉਹਨਾਂ ਦੇ) ਅੰਦਰ। ਪਰਗਾਸੀਆ—ਚਮਕ ਪੈਂਦੀ ਹੈ। ਨਾਮਿ—ਨਾਮ ਵਿਚ। ਸਮਾਇ—ਲੀਨ ਰਹਿ ਕੇ।1।

ਅਰਥ:- ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਜੀਵ-ਇਸਤ੍ਰੀਆਂ ਨੂੰ ਪ੍ਰਭੂ-ਪਾਤਿਸ਼ਾਹ ਮਿਲ ਪੈਂਦਾ ਹੈ, ਉਹ ਵੱਡੇ ਭਾਗਾਂ ਵਾਲੀਆਂ ਬਣ ਜਾਂਦੀਆਂ ਹਨ, ਉਹ ਖਸਮ ਵਾਲੀਆਂ ਅਖਵਾਂਦੀਆਂ ਹਨ। ਪ੍ਰਭੂ ਦੇ ਨਾਮ ਵਿਚ ਲੀਨ ਰਹਿ ਕੇ ਉਹਨਾਂ ਦੇ ਅੰਦਰ ਪਰਮਾਤਮਾ ਦੀ ਜੋਤਿ ਚਮਕ ਪੈਂਦੀ ਹੈ।1।

ਵਾਹੁ ਵਾਹੁ ਸਤਿਗੁਰੁ ਪੁਰਖੁ ਹੈ ਜਿਨਿ ਸਚੁ ਜਾਤਾ ਸੋਇ ॥ ਜਿਤੁ ਮਿਲਿਐ ਤਿਖ ਉਤਰੈ ਤਨੁ ਮਨੁ ਸੀਤਲੁ ਹੋਇ ॥ ਵਾਹੁ ਵਾਹੁ ਸਤਿਗੁਰੁ ਸਤਿ ਪੁਰਖੁ ਹੈ ਜਿਸ ਨੋ ਸਮਤੁ ਸਭ ਕੋਇ ॥ ਵਾਹੁ ਵਾਹੁ ਸਤਿਗੁਰੁ ਨਿਰਵੈਰੁ ਹੈ ਜਿਸੁ ਨਿੰਦਾ ਉਸਤਤਿ ਤੁਲਿ ਹੋਇ ॥ ਵਾਹੁ ਵਾਹੁ ਸਤਿਗੁਰੁ ਸੁਜਾਣੁ ਹੈ ਜਿਸੁ ਅੰਤਰਿ ਬ੍ਰਹਮੁ ਵੀਚਾਰੁ ॥ ਵਾਹੁ ਵਾਹੁ ਸਤਿਗੁਰੁ ਨਿਰੰਕਾਰੁ ਹੈ ਜਿਸੁ ਅੰਤੁ ਨ ਪਾਰਾਵਾਰੁ ॥ ਵਾਹੁ ਵਾਹੁ ਸਤਿਗੁਰੂ ਹੈ ਜਿ ਸਚੁ ਦ੍ਰਿੜਾਏ ਸੋਇ ॥ ਨਾਨਕ ਸਤਿਗੁਰ ਵਾਹੁ ਵਾਹੁ ਜਿਸ ਤੇ ਨਾਮੁ ਪਰਾਪਤਿ ਹੋਇ ॥੨॥ {ਪੰਨਾ 1421}

ਪਦ ਅਰਥ:- ਵਾਹੁ—ਧੰਨ, ਸਲਾਹੁਣ-ਜੋਗ। ਵਾਹੁ ਵਾਹੁ—ਧੰਨ ਧੰਨ। ਜਿਨਿ—ਜਿਸ (ਗੁਰੂ) ਨੇ। ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ। ਜਾਤਾ—ਸਾਂਝ ਪਾਈ। ਜਿਤੁ ਮਿਲਿਐ—ਜਿਸ ਨੂੰ ਮਿਲਿਆਂ। ਤਿਖ—ਤ੍ਰਿਹ। ਸੀਤਲੁ—ਠੰਢਾ-ਠਾਰ। ਜਿਸ ਨੋ—(ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ)। ਸਮਤੁ—ਇਕੋ ਜਿਹਾ। ਸਭ ਕੋਇ—ਹਰੇਕ ਜੀਵ। ਤੁਲਿ—ਬਰਾਬਰ। ਸੁਜਾਣੁ—ਸਿਆਣਾ। ਜਿਸੁ ਅੰਤਰਿ—ਜਿਸ (ਗੁਰੂ) ਦੇ ਅੰਦਰ। ਜਿਸੁ ਅੰਤੁ ਨ—ਜਿਸ (ਪਰਮਾਤਮਾ ਦੇ ਗੁਣਾਂ) ਦਾ ਅੰਤ ਨਹੀਂ (ਪੈ ਸਕਦਾ)। ਜਿ—ਜਿਹੜਾ। ਦ੍ਰਿੜਾਏ—ਹਿਰਦੇ ਵਿਚ ਪੱਕਾ ਕਰਦਾ ਹੈ। ਸਤਿਗੁਰ ਵਾਹੁ ਵਾਹੁ—ਗੁਰੂ ਨੂੰ ਧੰਨ ਧੰਨ (ਆਖੋ)। ਜਿਸ ਤੇ—(ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ) ਜਿਸ (ਗੁਰੂ) ਪਾਸੋਂ।2।

ਅਰਥ:- ਹੇ ਭਾਈ! ਮਹਾ ਪੁਰਖ ਗੁਰੂ ਧੰਨ ਹੈ ਧੰਨ ਹੈ, ਜਿਸ (ਗੁਰੂ) ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਹੋਈ ਹੈ, ਜਿਸ (ਗੁਰੂ) ਨੂੰ ਮਿਲਿਆਂ (ਮਾਇਆ ਦੀ) ਤ੍ਰਿਸ਼ਨਾ ਦੂਰ ਹੋ ਜਾਂਦੀ ਹੈ, (ਮਨੁੱਖ ਦਾ) ਤਨ ਅਤੇ ਮਨ ਠੰਢਾ-ਠਾਰ ਸ਼ਾਂਤ ਹੋ ਜਾਂਦਾ ਹੈ।

ਹੇ ਭਾਈ! ਗੁਰੂ ਸੱਤ ਪੁਰਖ ਸਲਾਹੁਣ-ਜੋਗ ਹੈ ਧੰਨ ਹੈ, ਕਿਉਂਕਿ ਉਸ ਨੂੰ ਹਰੇਕ ਜੀਵ ਇਕੋ ਜਿਹਾ (ਦਿੱਸਦਾ) ਹੈ। ਗੁਰੂ ਧੰਨ ਹੈ, ਗੁਰੂ ਧੰਨ ਹੈ, ਗੁਰੂ ਨੂੰ ਕਿਸੇ ਨਾਲ ਵੈਰ ਨਹੀਂ (ਕੋਈ ਮਨੁੱਖ ਗੁਰੂ ਦੀ ਨਿੰਦਾ ਕਰੇ, ਕੋਈ ਵਡਿਆਈ ਕਰੇ) ਗੁਰੂ ਨੂੰ (ਉਹ) ਨਿੰਦਾ ਜਾਂ ਵਡਿਆਈ ਇਕੋ ਜਿਹੀ ਜਾਪਦੀ ਹੈ।

ਹੇ ਭਾਈ! ਗੁਰੂ ਧੰਨ ਹੈ ਗੁਰੂ ਧੰਨ ਹੈ, ਗੁਰੂ (ਆਤਮਕ ਜੀਵਨ ਦੀ ਸੂਝ ਵਿਚ) ਸਿਆਣਾ ਹੈ, ਗੁਰੂ ਦੇ ਅੰਦਰ ਪਰਮਾਤਮਾ ਸਦਾ ਵੱਸ ਰਿਹਾ ਹੈ। ਗੁਰੂ ਸਲਾਹੁਣ-ਜੋਗ ਹੈ, ਗੁਰੂ (ਉਸ) ਨਿਰੰਕਾਰ (ਦਾ ਰੂਪ) ਹੈ ਜਿਸ ਦੇ ਗੁਣਾਂ ਦਾ ਅੰਤ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ਗੁਰੂ ਧੰਨ ਹੈ ਗੁਰੂ ਧੰਨ ਹੈ, ਕਿਉਂਕਿ ਉਹ (ਮਨੁੱਖ ਦੇ ਹਿਰਦੇ ਵਿਚ) ਸਦਾ-ਥਿਰ ਪ੍ਰਭੂ (ਦਾ ਨਾਮ) ਪੱਕਾ ਕਰ ਦੇਂਦਾ ਹੈ।

ਹੇ ਨਾਨਕ! ਜਿਸ (ਗੁਰੂ) ਤੋਂ ਪਰਮਾਤਮਾ ਦਾ ਨਾਮ ਹਾਸਲ ਹੁੰਦਾ ਹੈ, ਉਸ ਨੂੰ (ਸਦਾ) ਧੰਨ ਧੰਨ ਆਖਿਆ ਕਰੋ।2।

ਹਰਿ ਪ੍ਰਭ ਸਚਾ ਸੋਹਿਲਾ ਗੁਰਮੁਖਿ ਨਾਮੁ ਗੋਵਿੰਦੁ ॥ ਅਨਦਿਨੁ ਨਾਮੁ ਸਲਾਹਣਾ ਹਰਿ ਜਪਿਆ ਮਨਿ ਆਨੰਦੁ ॥ ਵਡਭਾਗੀ ਹਰਿ ਪਾਇਆ ਪੂਰਨ ਪਰਮਾਨੰਦੁ ॥ ਜਨ ਨਾਨਕ ਨਾਮੁ ਸਲਾਹਿਆ ਬਹੁੜਿ ਨ ਮਨਿ ਤਨਿ ਭੰਗੁ ॥੩॥ {ਪੰਨਾ 1421}

ਪਦ ਅਰਥ:- ਹਰਿ ਪ੍ਰਭੁ ਗੋਬਿੰਦੁ ਨਾਮੁ—ਹਰੀ ਪ੍ਰਭੂ ਦਾ ਗੋਬਿੰਦ ਨਾਮ। ਸਚਾ—ਸਦਾ ਕਾਇਮ ਰਹਿਣ ਵਾਲਾ। ਸੋਹਿਲਾ—ਖ਼ੁਸ਼ੀ ਦਾ ਗੀਤ। ਅਨਦਿਨੁ—ਹਰ ਰੋਜ਼, ਹਰ ਵੇਲੇ। ਮਨਿ—ਮਨ ਵਿਚ। ਵਡਭਾਗੀ—ਵੱਡੇ ਭਾਗਾਂ ਵਾਲਿਆਂ ਨੇ। ਪਰਮਾਨੰਦੁ—ਪਰਮ ਆਨੰਦ, ਸਭ ਤੋਂ ਉੱਚੇ ਆਨੰਦ ਦਾ ਮਾਲਕ-ਪ੍ਰਭੂ। ਬਹੁੜਿ—ਮੁੜ। ਮਨਿ—ਮਨ ਵਿਚ। ਤਨਿ—ਤਨ ਵਿਚ। ਭੰਗੁ—ਤੋਟ, ਆਤਮਕ ਆਨੰਦ ਵਲੋਂ ਤੋਟ।3।

ਅਰਥ:- ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਵਾਸਤੇ ਹਰੀ ਪ੍ਰਭੂ ਦਾ ਗੋਬਿੰਦ ਨਾਮ (ਹੀ) ਸਦਾ ਕਾਇਮ ਰਹਿਣ ਵਾਲਾ ਖ਼ੁਸ਼ੀ ਦਾ ਗੀਤ ਹੈ। ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਦੀ ਸਿਫ਼ਤਿ ਕੀਤੀ, ਹਰਿ-ਨਾਮ ਹੀ ਜਪਿਆ, ਉਹਨਾਂ ਦੇ ਮਨ ਵਿਚ ਅਨੰਦ ਬਣਿਆ ਰਹਿੰਦਾ ਹੈ। ਹੇ ਭਾਈ! ਵੱਡੇ ਭਾਗਾਂ ਵਾਲੇ ਮਨੁੱਖਾਂ ਨੇ ਸਭ ਤੋਂ ਉੱਚੇ ਆਤਮਕ ਅਨੰਦ ਦੇ ਮਾਲਕ-ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ। ਹੇ ਦਾਸ ਨਾਨਕ! (ਜਿਨ੍ਹਾਂ ਨੇ ਹਰ ਵੇਲੇ) ਹਰਿ-ਨਾਮ ਦੀ ਵਡਿਆਈ ਕੀਤੀ, ਉਹਨਾਂ ਦੇ ਮਨ ਵਿਚ ਉਹਨਾਂ ਦੇ ਤਨ ਵਿਚ (ਆਤਮਕ ਆਨੰਦ ਦੀ) ਮੁੜ ਕਦੇ ਤੋਟ ਨਹੀਂ ਆਉਂਦੀ।3।

ਮੂੰ ਪਿਰੀਆ ਸਉ ਨੇਹੁ ਕਿਉ ਸਜਣ ਮਿਲਹਿ ਪਿਆਰਿਆ ॥ ਹਉ ਢੂਢੇਦੀ ਤਿਨ ਸਜਣ ਸਚਿ ਸਵਾਰਿਆ ॥ ਸਤਿਗੁਰੁ ਮੈਡਾ ਮਿਤੁ ਹੈ ਜੇ ਮਿਲੈ ਤ ਇਹੁ ਮਨੁ ਵਾਰਿਆ ॥ ਦੇਂਦਾ ਮੂੰ ਪਿਰੁ ਦਸਿ ਹਰਿ ਸਜਣੁ ਸਿਰਜਣਹਾਰਿਆ ॥ ਨਾਨਕ ਹਉ ਪਿਰੁ ਭਾਲੀ ਆਪਣਾ ਸਤਿਗੁਰ ਨਾਲਿ ਦਿਖਾਲਿਆ ॥ ੪॥ {ਪੰਨਾ 1421}

ਪਦ ਅਰਥ:- ਸਉ—ਸਉਂ, ਸਿਉਂ, ਨਾਲ। ਪਿਰੀਆ ਸਉ—ਪਿਆਰੇ ਨਾਲ। ਮੂੰ ਨੇਹੁ—ਮੇਰਾ ਪਿਆਰ। ਕਿਉ—ਕਿਵੇਂ। ਮਿਲਹਿ—ਮਿਲ ਪੈਣ (ਬਹੁ-ਵਚਨ)। ਹਉ—ਹਉਂ, ਮੈਂ। ਤਿਨ ਸਜਣ—ਉਹਨਾਂ ਸੱਜਣਾਂ ਨੂੰ। ਸਚਿ—ਸਦਾ-ਥਿਰ ਹਰਿ-ਨਾਮ ਨੇ। ਸਵਾਰਿਆ—ਸੋਹਣੇ ਜੀਵਨ ਵਾਲੇ ਬਣਾ ਦਿੱਤਾ ਹੈ। ਮੈਡਾ—ਮੇਰਾ। ਤ—ਤਾਂ। ਵਾਰਿਆ—ਸਦਕੇ ਕੀਤਾ। ਮੂੰ—ਮੈਨੂੰ। ਦੇਂਦਾ ਦਸਿ—ਦੱਸ ਦੇਂਦਾ ਹੈ। ਸਿਰਜਣਹਾਰਿਆ—(ਸ੍ਰਿਸ਼ਟੀ) ਪੈਦਾ ਕਰਨ ਵਾਲਾ। ਨਾਨਕ—ਹੇ ਨਾਨਕ! (ਆਖ—)। ਭਾਲੀ—ਭਾਲੀਂ, ਮੈਂ ਭਾਲਦੀ ਹਾਂ। ਸਤਿਗੁਰ—ਹੇ ਸਤਿਗੁਰੂ! ਨਾਲਿ—(ਮੇਰੇ) ਨਾਲ (ਵੱਸਦਾ)।4।

ਅਰਥ:- ਹੇ ਭਾਈ! (ਆਪਣੇ) ਪਿਆਰੇ (ਪ੍ਰਭੂ) ਨਾਲ ਮੇਰਾ ਪਿਆਰ ਹੈ (ਮੇਰੀ ਹਰ ਵੇਲੇ ਤਾਂਘ ਹੈ ਕਿ ਮੈਨੂੰ) ਕਿਵੇਂ (ਉਹ) ਪਿਆਰੇ ਸੱਜਣ ਮਿਲ ਪੈਣ (ਜਿਹੜੇ ਮੈਨੂੰ ਪ੍ਰਭੂ-ਪਤੀ ਨਾਲ ਮਿਲਾ ਦੇਣ)। ਮੈਂ ਉਹਨਾਂ ਸੱਜਣਾਂ ਨੂੰ ਲੱਭਦੀ ਫਿਰਦੀ ਹਾਂ, ਸਦਾ-ਥਿਰ ਹਰਿ ਨਾਮ ਨੇ ਜਿਨ੍ਹਾਂ ਨੂੰ ਸੋਹਣੇ ਜੀਵਨ ਵਾਲਾ ਬਣਾ ਦਿੱਤਾ ਹੈ। ਹੇ ਭਾਈ! ਗੁਰੂ (ਹੀ) ਮੇਰਾ (ਅਸਲ) ਮਿੱਤਰ ਹੈ। ਜੇ (ਮੈਨੂੰ ਗੁਰੂ) ਮਿਲ ਪਏ, ਤਾਂ (ਮੈਂ ਆਪਣਾ) ਇਹ ਮਨ (ਉਸ ਤੋਂ) ਸਦਕੇ ਕਰ ਦਿਆਂ। (ਗੁਰੂ ਹੀ) ਮੈਨੂੰ ਦੱਸ ਸਕਦਾ ਹੈ ਕਿ ਸਿਰਜਣਹਾਰ ਹਰੀ (ਹੀ ਅਸਲ) ਸੱਜਣ ਹੈ।

ਹੇ ਨਾਨਕ! (ਆਖ—) ਹੇ ਸਤਿਗੁਰੂ! ਮੈਂ ਆਪਣਾ ਖਸਮ-ਪ੍ਰਭੂ ਢੂੰਢ ਰਹੀ ਸਾਂ, ਤੂੰ (ਮੈਨੂੰ ਮੇਰੇ) ਨਾਲ (ਵੱਸਦਾ) ਵਿਖਾਲ ਦਿੱਤਾ ਹੈ।4।

ਹਉ ਖੜੀ ਨਿਹਾਲੀ ਪੰਧੁ ਮਤੁ ਮੂੰ ਸਜਣੁ ਆਵਏ ॥ ਕੋ ਆਣਿ ਮਿਲਾਵੈ ਅਜੁ ਮੈ ਪਿਰੁ ਮੇਲਿ ਮਿਲਾਵਏ ॥ ਹਉ ਜੀਉ ਕਰੀ ਤਿਸ ਵਿਟਉ ਚਉ ਖੰਨੀਐ ਜੋ ਮੈ ਪਿਰੀ ਦਿਖਾਵਏ ॥ ਨਾਨਕ ਹਰਿ ਹੋਇ ਦਇਆਲੁ ਤਾਂ ਗੁਰੁ ਪੂਰਾ ਮੇਲਾਵਏ ॥੫॥ {ਪੰਨਾ 1421-1422}

ਪਦ ਅਰਥ:- ਹਉ—ਹਉਂ, ਮੈਂ। ਖੜੀ—ਖਲੋਤੀ, ਤਾਂਘ ਨਾਲ। ਨਿਹਾਲੀ—ਨਿਹਾਲੀਂ, ਮੈਂ ਤੱਕ ਰਹੀ ਹਾਂ, ਮੈਂ ਵੇਖ ਰਹੀ ਹਾਂ। ਪੰਧੁ—ਰਸਤਾ। ਮਤੁ—ਸ਼ਾਇਦ। ਮੂੰ ਸਜਣੁ—ਮੇਰਾ ਸੱਜਣ। ਆਵਏ—ਆਵੈ, ਆ ਰਿਹਾ ਹੈ। ਕੋ—ਕੋਈ। ਆਣਿ—ਲਿਆ ਕੇ। ਮੈ—ਮੈਨੂੰ। ਮੇਲਿ—ਮੇਲ ਕੇ। ਮਿਲਾਵਏ—ਮਿਲਾਵੈ, ਮਿਲਾ ਦੇਵੇ। ਜੀਉ—ਜਿੰਦ। ਕਰੀ—ਕਰੀਂ, ਮੈਂ ਕਰਾਂ। ਤਿਸ ਵਿਟਉ—ਉਸ ਤੋਂ। ਚਉ ਖੰਨੀਐ—ਚਾਰ ਟੋਟੇ (ਚਉ—ਚਾਰ)। ਮੈ—ਮੈਨੂੰ। ਦਇਆਲੁ—ਦਇਆਵਾਨ। ਮੇਲਾਵਏ—ਮੇਲਾਵੈ, ਮਿਲਾ ਦੇਂਦਾ ਹੈ।5।

ਅਰਥ:- ਹੇ ਭਾਈ! ਮੈਂ ਤਾਂਘ ਨਾਲ ਰਾਹ ਤੱਕ ਰਹੀ ਹਾਂ ਕਿ ਸ਼ਾਇਦ ਮੇਰਾ ਸੱਜਣ ਆ ਰਿਹਾ ਹੈ, ਜਿਹੜਾ ਮੈਨੂੰ (ਮੇਰਾ ਪ੍ਰਭੂ-) ਪਤੀ ਅੱਜ (ਇਸੇ ਜੀਵਨ ਵਿਚ) ਲਿਆ ਕੇ ਮਿਲਾ ਦੇਂਦਾ ਹੋਵੇ। ਜਿਹੜਾ ਮੈਨੂੰ ਮੇਰੇ ਪਿਆਰੇ ਦਾ ਦਰਸ਼ਨ ਕਰਾ ਦੇਵੇ, ਮੈਂ ਉਸ ਤੋਂ (ਆਪਣੀ) ਜਿੰਦ ਚਾਰ ਟੋਟੇ ਕਰ ਦਿਆਂ (ਸਦਕੇ ਕਰਨ ਨੂੰ ਤਿਆਰ ਹਾਂ)।

ਹੇ ਨਾਨਕ! ਜਦੋਂ ਹਰੀ-ਪ੍ਰਭੂ (ਆਪ) ਦਇਆਵਾਨ ਹੁੰਦਾ ਹੈ, ਤਦੋਂ ਉਹ ਪੂਰਾ ਗੁਰੂ ਮਿਲਾਂਦਾ ਹੈ (ਤੇ, ਪੂਰਾ ਗੁਰੂ ਪ੍ਰਭੂ-ਪਤੀ ਦੇ ਚਰਨਾਂ ਵਿਚ ਜੋੜ ਦੇਂਦਾ ਹੈ)।5।

ਅੰਤਰਿ ਜੋਰੁ ਹਉਮੈ ਤਨਿ ਮਾਇਆ ਕੂੜੀ ਆਵੈ ਜਾਇ ॥ ਸਤਿਗੁਰ ਕਾ ਫੁਰਮਾਇਆ ਮੰਨਿ ਨ ਸਕੀ ਦੁਤਰੁ ਤਰਿਆ ਨ ਜਾਇ ॥ ਨਦਰਿ ਕਰੇ ਜਿਸੁ ਆਪਣੀ ਸੋ ਚਲੈ ਸਤਿਗੁਰ ਭਾਇ ॥ ਸਤਿਗੁਰ ਕਾ ਦਰਸਨੁ ਸਫਲੁ ਹੈ ਜੋ ਇਛੈ ਸੋ ਫਲੁ ਪਾਇ ॥ ਜਿਨੀ ਸਤਿਗੁਰੁ ਮੰਨਿਆਂ ਹਉ ਤਿਨ ਕੇ ਲਾਗਉ ਪਾਇ ॥ ਨਾਨਕੁ ਤਾ ਕਾ ਦਾਸੁ ਹੈ ਜਿ ਅਨਦਿਨੁ ਰਹੈ ਲਿਵ ਲਾਇ ॥੬॥ {ਪੰਨਾ 1422}

ਪਦ ਅਰਥ:- ਜੋਰੁ ਹਉਮੈ—ਹਉਮੈ ਦਾ ਜ਼ੋਰ। ਤਨਿ—ਸਰੀਰ ਵਿਚ। ਕੂੜੀ—ਝੂਠ-ਮੂਠ, ਵਿਖਾਵੇ ਵਾਸਤੇ ਹੀ। ਆਵੈ—(ਗੁਰੂ ਦੇ ਦਰ ਤੇ) ਆਉਂਦਾ ਹੈ। ਜਾਇ—ਜਾਂਦਾ ਹੈ। ਦੁਤਰੁ—(duÔqr) ਜਿਸ ਤੋਂ ਪਾਰ ਲੰਘਣਾ ਔਖਾ ਹੈ। ਨਦਰਿ—ਮਿਹਰ ਦੀ ਨਿਗਾਹ। ਸਤਿਗੁਰ ਭਾਇ—ਗੁਰੂ ਦੀ ਰਜ਼ਾ ਵਿਚ। ਸਫਲੁ—ਫਲ ਦੇਣ ਵਾਲਾ। ਜੋ ਫਲੁ—ਜਿਹੜਾ ਫਲ। ਇਛੈ—ਮਨ ਵਿਚ ਧਾਰਦਾ ਹੈ। ਸਤਿਗੁਰੁ ਮੰਨਿਆਂ—ਗੁਰੂ ਉਤੇ ਸਰਧਾ ਲਿਆਂਦੀ। ਹਉ—ਹਉਂ, ਮੈਂ। ਲਾਗਉ—ਲਾਗਉਂ, ਮੈਂ ਲੱਗਦਾ ਹਾਂ। ਤਿਨ ਕੇ ਪਾਇ—ਉਹਨਾਂ ਪੈਰੀਂ। ਤਾ ਕਾ—ਉਸ (ਮਨੁੱਖ) ਨੇ। ਜਿ—ਜਿਹੜਾ (ਮਨੁੱਖ)। ਅਨਦਿਨੁ—ਹਰ ਰੋਜ਼, ਹਰ ਵੇਲੇ। ਲਿਵ ਲਾਇ ਰਹੈ—ਸੁਰਤਿ ਜੋੜੀ ਰੱਖਦਾ ਹੈ।6।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਅੰਦਰ ਹਉਮੈ ਦਾ ਜ਼ੋਰ ਪਿਆ ਰਹਿੰਦਾ ਹੈ ਜਿਸ ਦੇ ਸਰੀਰ ਵਿਚ ਮਾਇਆ ਦਾ ਪ੍ਰਭਾਵ ਬਣਿਆ ਰਹਿੰਦਾ ਹੈ, ਉਹ ਮਨੁੱਖ (ਗੁਰੂ ਦੇ ਦਰ ਤੇ) ਸਿਰਫ਼ ਵਿਖਾਵੇ ਦੀ ਖ਼ਾਤਰ ਹੀ ਆਉਂਦਾ ਰਹਿੰਦਾ ਹੈ। ਉਹ ਮਨੁੱਖ ਗੁਰੂ ਦੇ ਦੱਸੇ ਹੁਕਮ ਵਿਚ ਸਰਧਾ ਨਹੀਂ ਬਣਾ ਸਕਦਾ, (ਇਸ ਵਾਸਤੇ ਉਹ ਮਨੁੱਖ ਇਸ ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕਦਾ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ। (ਪਰ, ਹੇ ਭਾਈ!) ਉਹ ਮਨੁੱਖ (ਹੀ) ਗੁਰੂ ਦੀ ਰਜ਼ਾ ਵਿਚ (ਜੀਵਨ-ਤੋਰ) ਤੁਰਦਾ ਹੈ, ਜਿਸ ਉੱਤੇ ਪਰਮਾਤਮਾ ਦੀ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ। ਹੇ ਭਾਈ! ਗੁਰੂ ਦਾ ਦੀਦਾਰ ਜ਼ਰੂਰ ਫਲ ਦੇਂਦਾ ਹੈ, (ਗੁਰੂ ਦਾ ਦਰਸ਼ਨ ਕਰਨ ਵਾਲਾ ਮਨੁੱਖ) ਜਿਹੜੀ ਮੰਗ ਆਪਣੇ ਮਨ ਵਿਚ ਧਾਰਦਾ ਹੈ, ਉਹੀ ਮੰਗ ਪ੍ਰਾਪਤ ਕਰ ਲੈਂਦਾ ਹੈ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਉੱਤੇ ਸਰਧਾ ਬਣਾਈ, ਮੈਂ ਉਹਨਾਂ ਦੇ ਚਰਨੀਂ ਲੱਗਦਾ ਹਾਂ। ਜਿਹੜਾ ਮਨੁੱਖ ਹਰ ਵੇਲੇ (ਗੁਰੂ-ਚਰਨਾਂ ਵਿਚ) ਸੁਰਤਿ ਜੋੜੀ ਰੱਖਦਾ ਹੈ, ਨਾਨਕ ਉਸ ਮਨੁੱਖ ਦਾ (ਸਦਾ ਲਈ) ਦਾਸ ਹੈ।6।

ਜਿਨਾ ਪਿਰੀ ਪਿਆਰੁ ਬਿਨੁ ਦਰਸਨ ਕਿਉ ਤ੍ਰਿਪਤੀਐ ॥ ਨਾਨਕ ਮਿਲੇ ਸੁਭਾਇ ਗੁਰਮੁਖਿ ਇਹੁ ਮਨੁ ਰਹਸੀਐ ॥੭॥ ਜਿਨਾ ਪਿਰੀ ਪਿਆਰੁ ਕਿਉ ਜੀਵਨਿ ਪਿਰ ਬਾਹਰੇ ॥ ਜਾਂ ਸਹੁ ਦੇਖਨਿ ਆਪਣਾ ਨਾਨਕ ਥੀਵਨਿ ਭੀ ਹਰੇ ॥੮॥ {ਪੰਨਾ 1422}

ਪਦ ਅਰਥ:- ਪਿਰੀ ਪਿਆਰੁ—ਪਿਆਰੇ (ਪ੍ਰਭੂ) ਦਾ ਪਿਆਰ। ਕਿਉ ਤ੍ਰਿਪਤੀਐ—ਕਿਵੇਂ ਤ੍ਰਿਪਤੀ ਹੋ ਸਕਦੀ ਹੈ? ਸੁਭਾਇ—ਪਿਆਰ ਵਿਚ। ਗੁਰਮੁਖਿ ਮਨੁ—ਗੁਰੂ ਦੇ ਸਨਮੁਖ ਰਹਿਣ ਵਾਲੇ ਦਾ ਮਨ। ਰਹਸੀਐ—ਪ੍ਰਸੰਨ ਰਹਿੰਦਾ ਹੈ।7।

ਕਿਉ ਜੀਵਨਿ—ਕਿਵੇਂ ਜੀਊ ਸਕਦੇ ਹਨ? ਸੁਖੀ ਜੀਵਨ ਨਹੀਂ ਜੀਊ ਸਕਦੇ। ਬਾਹਰੇ—ਬਾਝੋਂ। ਜਾ—ਜਦੋਂ। ਦੇਖਨਿ—ਵੇਖਦੇ ਹਨ (ਬਹੁ-ਵਚਨ)। ਥੀਵਨਿ—ਹੋ ਜਾਂਦੇ ਹਨ। ਭੀ—ਮੁੜ, ਫਿਰ। ਹਰੇ—ਆਤਮਕ ਜੀਵਨ ਵਾਲੇ।8।

ਅਰਥ:- ਹੇ ਭਾਈ! ਜਿਨ੍ਹਾਂ (ਮਨੁੱਖਾਂ) ਦੇ ਅੰਦਰ ਪਿਆਰੇ ਦਾ ਪ੍ਰੇਮ ਹੁੰਦਾ ਹੈ, (ਆਪਣੇ ਪਿਆਰੇ ਦੇ) ਦਰਸਨ ਤੋਂ ਬਿਨਾ ਉਹਨਾਂ ਦੇ ਮਨ ਵਿਚ ਸ਼ਾਂਤੀ ਨਹੀਂ ਹੁੰਦੀ। ਹੇ ਨਾਨਕ! ਉਹ ਮਨੁੱਖ (ਪਿਆਰੇ ਦੇ) ਪ੍ਰੇਮ ਵਿਚ ਲੀਨ ਰਹਿੰਦੇ ਹਨ। (ਇਸੇ ਕਰਕੇ) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਇਹ ਮਨ ਸਦਾ ਖਿੜਿਆ ਰਹਿੰਦਾ ਹੈ।7।

ਹੇ ਭਾਈ! ਜਿਨ੍ਹਾਂ (ਮਨੁੱਖਾਂ) ਦੇ ਅੰਦਰ ਪਿਆਰੇ ਦਾ ਪ੍ਰੇਮ ਹੁੰਦਾ ਹੈ, ਉਹ ਆਪਣੇ ਪਿਆਰੇ ਦੇ ਮਿਲਾਪ ਤੋਂ ਬਿਨਾ ਸੁਖੀ ਨਹੀਂ ਜੀਊ ਸਕਦੇ। ਹੇ ਨਾਨਕ! ਜਦੋਂ ਉਹ ਆਪਣੇ ਖਸਮ-ਪ੍ਰਭੂ ਦਾ ਦਰਸਨ ਕਰਦੇ ਹਨ, ਤਦੋਂ ਉਹ ਮੁੜ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ।8।

ਜਿਨਾ ਗੁਰਮੁਖਿ ਅੰਦਰਿ ਨੇਹੁ ਤੈ ਪ੍ਰੀਤਮ ਸਚੈ ਲਾਇਆ ॥ ਰਾਤੀ ਅਤੈ ਡੇਹੁ ਨਾਨਕ ਪ੍ਰੇਮਿ ਸਮਾਇਆ ॥੯॥ ਗੁਰਮੁਖਿ ਸਚੀ ਆਸਕੀ ਜਿਤੁ ਪ੍ਰੀਤਮੁ ਸਚਾ ਪਾਈਐ ॥ ਅਨਦਿਨੁ ਰਹਹਿ ਅਨੰਦਿ ਨਾਨਕ ਸਹਜਿ ਸਮਾਈਐ ॥੧੦॥ ਸਚਾ ਪ੍ਰੇਮ ਪਿਆਰੁ ਗੁਰ ਪੂਰੇ ਤੇ ਪਾਈਐ ॥ ਕਬਹੂ ਨ ਹੋਵੈ ਭੰਗੁ ਨਾਨਕ ਹਰਿ ਗੁਣ ਗਾਈਐ ॥੧੧॥ ਜਿਨ੍ਹਾ ਅੰਦਰਿ ਸਚਾ ਨੇਹੁ ਕਿਉ ਜੀਵਨ੍ਹਿ ਪਿਰੀ ਵਿਹੂਣਿਆ ॥ ਗੁਰਮੁਖਿ ਮੇਲੇ ਆਪਿ ਨਾਨਕ ਚਿਰੀ ਵਿਛੁੰਨਿਆ ॥੧੨॥ ਜਿਨ ਕਉ ਪ੍ਰੇਮ ਪਿਆਰੁ ਤਉ ਆਪੇ ਲਾਇਆ ਕਰਮੁ ਕਰਿ ॥ ਨਾਨਕ ਲੇਹੁ ਮਿਲਾਇ ਮੈ ਜਾਚਿਕ ਦੀਜੈ ਨਾਮੁ ਹਰਿ ॥੧੩॥ {ਪੰਨਾ 1422}

ਪਦ ਅਰਥ:- ਗੁਰਮੁਖਿ—ਗੁਰੂ ਦੀ ਸਰਨ ਰੱਖ ਕੇ। ਪ੍ਰੀਤਮ—ਹੇ ਪ੍ਰੀਤਮ ਪ੍ਰਭੂ! ਤੈ ਸਚੈ—ਤੂੰ ਸਦਾ ਕਾਇਮ ਰਹਿਣ ਵਾਲੇ ਨੇ। ਅਤੈ—ਅਤੇ। ਡੇਹੁ—ਦਿਨ। ਪ੍ਰੇਮਿ—ਪ੍ਰੇਮ ਵਿਚ।9।

ਸਚੀ ਆਸਕੀ—ਸੱਚੀ ਆਸ਼ਕੀ, ਸਦਾ ਕਾਇਮ ਰਹਿਣ ਵਾਲਾ ਪ੍ਰੇਮ। ਜਿਤੁ—ਜਿਸ (ਆਸ਼ਕੀ) ਦੀ ਰਾਹੀਂ। ਪਾਈਐ—ਮਿਲ ਪੈਂਦਾ ਹੈ। ਅਨਦਿਨੁ—ਹਰ ਰੋਜ਼, ਹਰ ਵੇਲੇ। ਅਨੰਦਿ—ਆਨੰਦ ਵਿਚ। ਸਹਜਿ—ਆਤਮਕ ਅਡੋਲਤਾ ਵਿਚ। ਸਮਾਈਐ—ਲੀਨ ਰਹੀਦਾ ਹੈ।10।

ਤੇ—ਤੋਂ, ਪਾਸੋਂ। ਨ ਹੋਵੈ ਭੰਗੁ—ਟੁੱਟਦਾ ਨਹੀਂ। ਗਾਈਐ—ਗਾਂਦੇ ਰਹਿਣਾ ਚਾਹੀਦਾ ਹੈ।11।

ਨੇਹੁ—ਪਿਆਰ। ਕਿਉ—ਸੁਖੀ ਜੀਵਨ ਨਹੀਂ ਜੀਊ ਸਕਦੇ। ਗੁਰਮੁਖਿ—ਗੁਰੂ ਦੀ ਰਾਹੀਂ।12।

ਤਉ ਆਪੇ—ਤੂੰ ਆਪ ਹੀ। ਕਰਮੁ—ਮਿਹਰ, ਬਖ਼ਸ਼ਿਸ਼। ਕਰਿ—ਕਰ ਕੇ। ਮੈ ਜਾਚਕ—ਮੈਨੂੰ ਮੰਗਤੇ ਨੂੰ। ਦੀਜੈ—ਦਿਹ।13।

ਅਰਥ:- ਹੇ ਨਾਨਕ! (ਆਖ—) ਹੇ ਪ੍ਰੀਤਮ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲੇ ਨੇ ਗੁਰੂ ਦੀ ਰਾਹੀਂ ਜਿਨ੍ਹਾਂ ਮਨੁੱਖਾਂ ਦੇ ਅੰਦਰ (ਆਪਣਾ) ਪਿਆਰ ਪੈਦਾ ਕੀਤਾ ਹੈ, ਉਹ ਮਨੁੱਖ ਤੇਰੇ ਪਿਆਰ ਵਿਚ ਦਿਨ ਰਾਤ ਲੀਨ ਰਹਿੰਦੇ ਹਨ।9।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਅੰਦਰ (ਪਰਮਾਤਮਾ ਵਾਸਤੇ) ਸਦਾ ਕਾਇਮ ਰਹਿਣ ਵਾਲਾ ਪਿਆਰ (ਪੈਦਾ ਹੋ ਜਾਂਦਾ ਹੈ), ਉਸ ਪਿਆਰ ਦੀ ਬਰਕਤਿ ਨਾਲ ਉਹ ਸਦਾ-ਥਿਰ ਪ੍ਰੀਤਮ-ਪ੍ਰਭੂ ਉਹਨਾਂ ਨੂੰ ਮਿਲ ਪੈਂਦਾ ਹੈ, ਅਤੇ ਉਹ ਹਰ ਵੇਲੇ ਆਨੰਦ ਵਿਚ ਟਿਕੇ ਰਹਿੰਦੇ ਹਨ। ਹੇ ਨਾਨਕ! (ਪਿਆਰ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਲੀਨ ਰਹੀਦਾ ਹੈ।10।

ਹੇ ਭਾਈ! (ਪਰਮਾਤਮਾ ਨਾਲ) ਸਦਾ ਕਾਇਮ ਰਹਿਣ ਵਾਲਾ ਪ੍ਰੇਮ-ਪਿਆਰ ਪੂਰੇ ਗੁਰੂ ਪਾਸੋਂ ਮਿਲਦਾ ਹੈ, (ਅਤੇ ਉਹ ਪਿਆਰ) ਕਦੇ ਟੁੱਟਦਾ ਨਹੀਂ। ਹੇ ਨਾਨਕ! (ਇਸ ਪਿਆਰ ਨੂੰ ਕਾਇਮ ਰੱਖਣ ਵਾਸਤੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ।11।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ (ਪਰਮਾਤਮਾ ਨਾਲ) ਸਦਾ ਕਾਇਮ ਰਹਿਣ ਵਾਲਾ ਪਿਆਰ ਬਣ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੀ ਯਾਦ ਤੋਂ ਬਿਨਾ ਸੁਖੀ ਜੀਵਨ ਨਹੀਂ ਜੀਊ ਸਕਦੇ (ਪਰ ਇਹ ਉਸ ਦੀ ਆਪਣੀ ਹੀ ਮਿਹਰ ਹੈ)। ਹੇ ਨਾਨਕ! ਚਿਰਾਂ ਦੇ ਵਿਛੁੜੇ ਜੀਵਾਂ ਨੂੰ ਪ੍ਰਭੂ ਆਪ ਹੀ ਗੁਰੂ ਦੀ ਰਾਹੀਂ ਆਪਣੇ ਨਾਲ ਮਿਲਾਂਦਾ ਹੈ।12।

ਹੇ ਨਾਨਕ! (ਆਖ—) ਹੇ ਹਰੀ! ਤੂੰ ਆਪ ਹੀ ਮਿਹਰ ਕਰ ਕੇ ਜਿਨ੍ਹਾਂ ਦੇ ਅੰਦਰ ਆਪਣਾ ਪ੍ਰੇਮ-ਪਿਆਰ ਪੈਦਾ ਕੀਤਾ ਹੈ, ਉਹਨਾਂ ਨੂੰ ਤੂੰ (ਆਪਣੇ ਚਰਨਾਂ ਵਿਚ) ਜੋੜੀ ਰੱਖਦਾ ਹੈਂ। ਹੇ ਹਰੀ! ਮੈਨੂੰ ਮੰਗਤੇ ਨੂੰ (ਭੀ) ਆਪਣਾ ਨਾਮ ਬਖ਼ਸ਼।13।

ਗੁਰਮੁਖਿ ਹਸੈ ਗੁਰਮੁਖਿ ਰੋਵੈ ॥ ਜਿ ਗੁਰਮੁਖਿ ਕਰੇ ਸਾਈ ਭਗਤਿ ਹੋਵੈ ॥ ਗੁਰਮੁਖਿ ਹੋਵੈ ਸੁ ਕਰੇ ਵੀਚਾਰੁ ॥ ਗੁਰਮੁਖਿ ਨਾਨਕ ਪਾਵੈ ਪਾਰੁ ॥੧੪॥ ਜਿਨਾ ਅੰਦਰਿ ਨਾਮੁ ਨਿਧਾਨੁ ਹੈ ਗੁਰਬਾਣੀ ਵੀਚਾਰਿ ॥ ਤਿਨ ਕੇ ਮੁਖ ਸਦ ਉਜਲੇ ਤਿਤੁ ਸਚੈ ਦਰਬਾਰਿ ॥ ਤਿਨ ਬਹਦਿਆ ਉਠਦਿਆ ਕਦੇ ਨ ਵਿਸਰੈ ਜਿ ਆਪਿ ਬਖਸੇ ਕਰਤਾਰਿ ॥ ਨਾਨਕ ਗੁਰਮੁਖਿ ਮਿਲੇ ਨ ਵਿਛੁੜਹਿ ਜਿ ਮੇਲੇ ਸਿਰਜਣਹਾਰਿ ॥ ੧੫॥
{ਪੰਨਾ 1422}

ਪਦ ਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਹਸੈ—(ਭਗਤੀ ਦੇ ਆਤਮਕ ਆਨੰਦ ਵਿਚ ਕਦੇ) ਖਿੜ ਪੈਂਦਾ ਹੈ। ਰੋਵੈ—(ਭਗਤੀ ਦੇ ਬਿਰਹੋਂ ਰਸ ਵਿਚ ਕਦੇ) ਵੈਰਾਗ ਵਿਚ ਆ ਜਾਂਦਾ ਹੈ। ਜਿ—ਜਿਹੜੀ (ਭਗਤੀ)। ਸਾਈ—ਉਹੀ। ਸੁ—ਉਹ ਮਨੁੱਖ। ਕਰੇ ਵੀਚਾਰੁ—(ਪਰਮਾਤਮਾ ਦੀ ਸਿਫ਼ਤਿ-ਸਾਲਾਹ ਨੂੰ) ਮਨ ਵਿਚ ਵਸਾਈ ਰੱਖਦਾ ਹੈ। ਪਾਰੁ—(ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ। ਪਾਵੈ—ਲੱਭ ਲੈਂਦਾ ਹੈ।14।

ਨਿਧਾਨੁ—(ਸਾਰੇ ਸੁਖਾਂ ਦਾ) ਖ਼ਜ਼ਾਨਾ। ਵੀਚਾਰਿ—ਵੀਚਾਰ ਕੇ, ਮਨ ਵਿਚ ਵਸਾ ਕੇ। ਸਦ—ਸਦਾ। ਉਜਲੇ—ਰੌਸ਼ਨ। ਤਿਤੁ—ਉਸ ਵਿਚ। ਤਿਤੁ ਦਰਬਾਰਿ—ਉਸ ਦਰਬਾਰਿ ਵਿਚ। ਤਿਤੁ ਸਚੈ ਦਰਬਾਰਿ—ਉਸ ਸਦਾ-ਥਿਰ ਰਹਿਣ ਵਾਲੇ ਦਰਬਾਰ ਵਿਚ। ਜਿ—ਜਿਨ੍ਹਾਂ ਨੂੰ। ਕਰਤਾਰਿ—ਕਰਤਾਰ ਨੇ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ। ਸਿਰਜਣਹਾਰਿ—ਸਿਰਜਣਹਾਰ ਨੇ।15।

ਅਰਥ:- ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਭਗਤੀ ਦੇ ਆਤਮਕ ਆਨੰਦ ਵਿਚ ਕਦੇ) ਖਿੜ ਪੈਂਦਾ ਹੈ (ਕਦੇ ਭਗਤੀ ਦੇ ਬਿਰਹੋਂ-ਰਸ ਦੇ ਕਾਰਨ) ਵੈਰਾਗ ਵਿਚ ਆ ਜਾਂਦਾ ਹੈ। ਹੇ ਭਾਈ! ਅਸਲ ਭਗਤੀ ਉਹੀ ਹੁੰਦੀ ਹੈ ਜਿਹੜੀ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਕਰਦਾ ਹੈ। ਜਿਹੜਾ ਮਨੁੱਖ ਗੁਰੂ ਦੀ ਸਰਨ ਪਿਆ ਰਹਿੰਦਾ ਹੈ, ਉਹ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਨੂੰ) ਆਪਣੇ ਮਨ ਵਿਚ ਵਸਾਈ ਰੱਖਦਾ ਹੈ। ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਸ ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਲੱਭ ਲੈਂਦਾ ਹੈ।14।

ਹੇ ਭਾਈ! ਸਤਿਗੁਰੂ ਦੀ ਬਾਣੀ ਨੂੰ ਮਨ ਵਿਚ ਵਸਾ ਕੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਖ਼ਜ਼ਾਨਾ ਆ ਵੱਸਦਾ ਹੈ, ਉਹਨਾਂ ਦੇ ਮੂੰਹ ਉਸ ਸਦਾ ਕਾਇਮ ਰਹਿਣ ਵਾਲੇ (ਰੱਬੀ) ਦਰਬਾਰ ਵਿਚ ਸਦਾ ਰੌਸ਼ਨ

ਰਹਿੰਦੇ ਹਨ। ਹੇ ਭਾਈ! ਕਰਤਾਰ ਨੇ ਆਪ ਜਿਨ੍ਹਾਂ ਮਨੁੱਖਾਂ ਉਤੇ ਮਿਹਰ ਕੀਤੀ ਹੁੰਦੀ ਹੈ, ਉਹਨਾਂ ਨੂੰ ਬਹਿੰਦਿਆਂ ਉਠਦਿਆਂ ਕਿਸੇ ਭੀ ਵੇਲੇ (ਪਰਮਾਤਮਾ ਦਾ ਨਾਮ) ਨਹੀਂ ਭੁੱਲਦਾ। ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਸਿਰਜਣਹਾਰ ਪ੍ਰਭੂ ਨੇ (ਆਪ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮਨੁੱਖ ਗੁਰੂ ਦੀ ਰਾਹੀਂ (ਪ੍ਰਭੂ ਚਰਨਾਂ ਵਿਚ) ਮਿਲੇ ਹੋਏ ਫਿਰ ਕਦੇ ਨਹੀਂ ਵਿੱਛੁੜਦੇ।15।

ਗੁਰ ਪੀਰਾਂ ਕੀ ਚਾਕਰੀ ਮਹਾਂ ਕਰੜੀ ਸੁਖ ਸਾਰੁ ॥ ਨਦਰਿ ਕਰੇ ਜਿਸੁ ਆਪਣੀ ਤਿਸੁ ਲਾਏ ਹੇਤ ਪਿਆਰੁ ॥ ਸਤਿਗੁਰ ਕੀ ਸੇਵੈ ਲਗਿਆ ਭਉਜਲੁ ਤਰੈ ਸੰਸਾਰੁ ॥ ਮਨ ਚਿੰਦਿਆ ਫਲੁ ਪਾਇਸੀ ਅੰਤਰਿ ਬਿਬੇਕ ਬੀਚਾਰੁ ॥ ਨਾਨਕ ਸਤਿਗੁਰਿ ਮਿਲਿਐ ਪ੍ਰਭੁ ਪਾਈਐ ਸਭੁ ਦੂਖ ਨਿਵਾਰ ਣਹਾਰੁ ॥੧੬॥ ਮਨਮੁਖ ਸੇਵਾ ਜੋ ਕਰੇ ਦੂਜੈ ਭਾਇ ਚਿਤੁ ਲਾਇ ॥ ਪੁਤੁ ਕਲਤੁ ਕੁਟੰਬੁ ਹੈ ਮਾਇਆ ਮੋਹੁ ਵਧਾਇ ॥ ਦਰਗਹਿ ਲੇਖਾ ਮੰਗੀਐ ਕੋਈ ਅੰਤਿ ਨ ਸਕੀ ਛਡਾਇ ॥ ਬਿਨੁ ਨਾਵੈ ਸਭੁ ਦੁਖੁ ਹੈ ਦੁਖਦਾਈ ਮੋਹ ਮਾਇ ॥ ਨਾਨਕ ਗੁਰਮੁਖਿ ਨਦਰੀ ਆਇਆ ਮੋਹ ਮਾਇਆ ਵਿਛੁੜਿ ਸਭ ਜਾਇ ॥੧੭॥ {ਪੰਨਾ 1422-1423}

ਪਦ ਅਰਥ:- ਕੀ ਚਾਕਰੀ—ਦੀ (ਦੱਸੀ ਹੋਈ) ਸੇਵਾ। ਕਰੜੀ—ਔਖੀ। ਸਾਰੁ—ਸ੍ਰੇਸ਼ਟ। ਨਦਰਿ—ਮਿਹਰ ਦੀ ਨਿਗਾਹ। ਹੇਤ—ਹਿਤ, ਪ੍ਰੇਮ। ਸੇਵੈ—ਸੇਵਾ ਵਿਚ। ਭਉਜਲੁ—ਸੰਸਾਰ-ਸਮੁੰਦਰ। ਸੰਸਾਰੁ—ਜਗਤ। ਤਰੈ—ਪਾਰ ਲੰਘ ਜਾਂਦਾ ਹੈ। ਮਨ-ਚਿੰਦਿਆ—ਮਨ-ਇੱਛਤ। ਪਾਇਸੀ—ਹਾਸਲ ਕਰ ਲਏਗਾ। ਬਿਬੇਕ ਬੀਚਾਰੁ—ਬਿਬੇਕ ਦੀ ਸੂਝ, ਚੰਗੇ ਮੰਦੇ ਕੰਮ ਦੀ ਪਰਖ ਦੀ ਸੂਝ। ਸਤਿਗੁਰ ਮਿਲਿਐ—ਜੇ ਗੁਰੂ ਮਿਲ ਪਏ। ਨਿਵਾਰਣਹਾਰੁ—ਦੂਰ ਕਰ ਸਕਣ ਵਾਲਾ। 16।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਸੇਵਾ ਜੋ—ਜਿਹੜੀ ਭੀ ਸੇਵਾ। ਦੂਜੈ ਭਾਇ—(ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਦੇ ਪਿਆਰ ਵਿਚ। ਲਾਇ—ਲਾਈ ਰੱਖਦਾ ਹੈ। ਕਲਤੁ—ਇਸਤ੍ਰੀ। ਵਧਾਇ—ਵਧਾਈ ਜਾਂਦਾ ਹੈ। ਦਰਗਹਿ—ਪ੍ਰਭੂ ਦੀ ਹਜ਼ੂਰੀ ਵਿਚ। ਮੰਗੀਐ—ਮੰਗਿਆ ਜਾਂਦਾ ਹੈ। ਅੰਤਿ—ਅੰਤ ਵੇਲੇ। ਮੋਹ ਮਾਇ—ਮਾਇਆ ਦਾ ਮੋਹ। ਗੁਰਮੁਖਿ—ਗੁਰੂ ਦੀ ਸਰਨ ਪਿਆਂ। ਨਦਰੀ ਆਇਆ—ਦਿੱਸ ਪੈਂਦਾ ਹੈ। 17।

ਅਰਥ:- ਹੇ ਭਾਈ! ਮਹਾਂ ਪੁਰਖਾਂ ਦੀ (ਦੱਸੀ ਹੋਈ) ਕਾਰ ਬਹੁਤ ਔਖੀ ਹੁੰਦੀ ਹੈ (ਕਿਉਂਕਿ ਉਸ ਵਿਚ ਆਪਾ ਵਾਰਨਾ ਪੈਂਦਾ ਹੈ, ਪਰ ਉਸ ਵਿਚੋਂ) ਸ੍ਰੇਸ਼ਟ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ। (ਇਸ ਸੇਵਾ ਦੇ ਕਰਨ ਲਈ) ਉਸ ਮਨੁੱਖ ਦੇ ਅੰਦਰ (ਪਰਮਾਤਮਾ) ਪ੍ਰੀਤ-ਪਿਆਰ ਪੈਦਾ ਕਰਦਾ ਹੈ, ਜਿਸ ਉਤੇ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ।

ਹੇ ਭਾਈ! ਗੁਰੂ ਦੀ (ਦੱਸੀ) ਸੇਵਾ ਵਿਚ ਲੱਗਿਆਂ ਜਗਤ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ। (ਜਿਹੜਾ ਭੀ ਮਨੁੱਖ ਗੁਰੂ ਦੀ ਦੱਸੀ ਸੇਵਾ ਕਰੇਗਾ ਉਹ) ਮਨ-ਮੰਗੀ ਮੁਰਾਦ ਪ੍ਰਾਪਤ ਕਰ ਲਏਗਾ ਉਸ ਦੇ ਅੰਦਰ ਚੰਗੇ ਮੰਦੇ ਕੰਮ ਦੀ ਪਰਖ ਦੀ ਸੂਝ (ਪੈਦਾ ਹੋ ਜਾਇਗੀ)। ਹੇ ਨਾਨਕ! ਜੇ ਗੁਰੂ ਮਿਲ ਪਏ, ਤਾਂ ਉਹ ਪਰਮਾਤਮਾ ਮਿਲ ਪੈਂਦਾ ਹੈ, ਜੋ ਹਰੇਕ ਦੁੱਖ ਦੂਰ ਕਰਨ ਦੀ ਸਮਰਥਾ ਵਾਲਾ ਹੈ। 16।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜਿਹੜੀ ਭੀ ਸੇਵਾ ਕਰਦਾ ਹੈ, (ਉਸ ਦੇ ਨਾਲ ਨਾਲ ਉਹ ਆਪਣਾ) ਚਿੱਤ (ਪਰਮਾਤਮਾ ਤੋਂ ਬਿਨਾ) ਹੋਰ ਦੇ ਪਿਆਰ ਵਿਚ ਜੋੜੀ ਰੱਖਦਾ ਹੈ। (ਇਹ ਮੇਰਾ) ਪੁੱਤਰ (ਹੈ, ਇਹ ਮੇਰੀ) ਇਸਤ੍ਰੀ (ਹੈ, ਇਹ ਮੇਰਾ) ਪਰਵਾਰ ਹੈ (—ਇਹ ਆਖ ਆਖ ਕੇ ਹੀ ਉਹ ਮਨੁੱਖ ਆਪਣੇ ਅੰਦਰ) ਮਾਇਆ ਦਾ ਮੋਹ ਵਧਾਈ ਜਾਂਦਾ ਹੈ। ਪਰਮਾਤਮਾ ਦੀ ਦਰਗਾਹ ਵਿਚ (ਕੀਤੇ ਕਰਮਾਂ ਦਾ) ਹਿਸਾਬ (ਤਾਂ) ਮੰਗਿਆ (ਹੀ) ਜਾਂਦਾ ਹੈ, (ਮਾਇਆ ਦੇ ਮੋਹ ਦੀ ਫਾਹੀ ਤੋਂ) ਅੰਤ ਵੇਲੇ ਕੋਈ ਛੁਡਾ ਨਹੀਂ ਸਕਦਾ। ਮਾਇਆ ਦਾ ਮੋਹ ਦੁਖਦਾਈ ਸਾਬਤ ਹੁੰਦਾ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਾਰਾ (ਉੱਦਮ) ਦੁਖ (ਦਾ ਹੀ ਮੂਲ) ਹੈ।

ਹੇ ਨਾਨਕ! ਗੁਰੂ ਦੀ ਸ਼ਰਨ ਪੈ ਕੇ (ਜਿਸ ਮਨੁੱਖ ਨੂੰ ਇਹ ਭੇਤ) ਦਿੱਸ ਪੈਂਦਾ ਹੈ, (ਉਸ ਦੇ ਅੰਦਰੋਂ) ਮਾਇਆ ਦਾ ਸਾਰਾ ਮੋਹ ਦੂਰ ਹੋ ਜਾਂਦਾ ਹੈ। 17।

ਗੁਰਮੁਖਿ ਹੁਕਮੁ ਮੰਨੇ ਸਹ ਕੇਰਾ ਹੁਕਮੇ ਹੀ ਸੁਖੁ ਪਾਏ ॥ ਹੁਕਮੋ ਸੇਵੇ ਹੁਕਮੁ ਅਰਾਧੇ ਹੁਕਮੇ ਸਮੈ ਸਮਾਏ ॥ ਹੁਕਮੁ ਵਰਤੁ ਨੇਮੁ ਸੁਚ ਸੰਜਮੁ ਮਨ ਚਿੰਦਿਆ ਫਲੁ ਪਾਏ ॥ ਸਦਾ ਸੁਹਾਗਣਿ ਜਿ ਹੁਕਮੈ ਬੁਝੈ ਸਤਿਗੁਰੁ ਸੇਵੈ ਲਿਵ ਲਾਏ ॥ ਨਾਨਕ ਕ੍ਰਿਪਾ ਕਰੇ ਜਿਨ ਊਪਰਿ ਤਿਨਾ ਹੁਕਮੇ ਲਏ ਮਿਲਾਏ ॥੧੮॥ ਮਨਮੁਖਿ ਹੁਕਮੁ ਨ ਬੁਝੈ ਬਪੁੜੀ ਨਿਤ ਹਉਮੈ ਕਰਮ ਕਮਾ ਇ ॥ ਵਰਤ ਨੇਮੁ ਸੁਚ ਸੰਜਮੁ ਪੂਜਾ ਪਾਖੰਡਿ ਭਰਮੁ ਨ ਜਾਇ ॥ ਅੰਤਰਹੁ ਕੁਸੁਧੁ ਮਾਇਆ ਮੋਹਿ ਬੇਧੇ ਜਿਉ ਹਸਤੀ ਛਾਰੁ ਉਡਾਏ ॥ ਜਿਨਿ ਉਪਾਏ ਤਿਸੈ ਨ ਚੇਤਹਿ ਬਿਨੁ ਚੇਤੇ ਕਿਉ ਸੁਖੁ ਪਾਏ ॥ ਨਾਨਕ ਪਰਪੰਚੁ ਕੀਆ ਧੁਰਿ ਕਰਤੈ ਪੂਰਬਿ ਲਿਖਿਆ ਕਮਾਏ ॥੧੯॥ {ਪੰਨਾ 1423}

ਪਦ ਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਕੇਰਾ—ਦਾ। ਸਹ ਕੇਰਾ—ਖਸਮ-ਪ੍ਰਭੂ ਦਾ। ਹੁਕਮੇ—ਹੁਕਮ ਵਿਚ (ਤੁਰ ਕੇ)। ਹੁਕਮੋ—ਹੁਕਮ ਨੂੰ ਹੀ। ਅਰਾਧੇ—ਚੇਤੇ ਰੱਖਦਾ ਹੈ। ਸਮੈ ਸਮਾਏ—ਹਰ ਵੇਲੇ ਲੀਨ ਰਹਿੰਦਾ ਹੈ। ਸੁਚ—ਸਰੀਰਕ ਪਵਿਤ੍ਰਤਾ। ਸੰਜਮੁ—ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਹਟਾਣ ਦਾ ਜਤਨ। ਮਨ ਚਿੰਦਿਆ— ਮਨ-ਮੰਗਿਆ। ਸੁਹਾਗਿਣ—ਭਾਗਾਂ ਵਾਲੀ। ਜਿ—ਜਿਹੜੀ (ਜੀਵ-ਇਸਤ੍ਰੀ)। ਲਿਵ ਲਾਏ—ਲਿਵ ਲਾਇ, ਸੁਰਤਿ ਜੋੜ ਕੇ। 18।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ। ਬਪੁੜੀ—ਵਿਚਾਰੀ। ਕਮਾਇ—ਕਮਾਂਦਾ ਹੈ। ਪਾਖੰਡਿ—ਪਾਖੰਡ ਨਾਲ, ਵਿਖਾਵੇ ਨਾਲ। ਭਰਮੁ—ਭਟਕਣਾ। ਅੰਤਰਹੁ—ਅੰਦਰੋਂ। ਕੁਸੁਧੁ—ਖੋਟਾ, ਮੈਲਾ। ਮੋਹਿ—ਮੋਹ ਵਿਚ। ਬੇਧੇ—ਵਿੱਝੇ ਹੋਏ। ਹਸਤੀ—ਹਾਥੀ। ਛਾਰੁ—ਸੁਆਹ, ਮਿੱਟੀ। ਜਿਨਿ—ਜਿਸ (ਪਰਮਾਤਮਾ) ਨੇ। ਨ ਚੇਤਹਿ—ਚੇਤੇ ਨਹੀਂ ਕਰਦੇ (ਬਹੁ-ਵਚਨ)। ਬਿਨੁ ਚੇਤੇ—ਸਿਮਰਨ ਕਰਨ ਤੋਂ ਬਿਨਾ। ਪਰਪੰਚ—ਜਗਤ-ਰਚਨਾ। ਧੁਰਿ—ਧੁਰ ਦਰਗਾਹ ਤੋਂ। ਕਰਤੈ—ਕਰਤਾਰ ਨੇ। ਪੂਰਬਿ—ਪੂਰਬਲੇ ਜਨਮ ਵਿਚ। 19।

ਅਰਥ:- ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਿਹ ਕੇ ਖਸਮ-ਪ੍ਰਭੂ ਦਾ ਹੁਕਮ ਮੰਨਦਾ ਹੈ, ਉਹ ਹੁਕਮ ਵਿਚ ਟਿਕ ਕੇ ਹੀ ਆਤਮਕ ਆਨੰਦ ਮਾਣਦਾ ਹੈ। ਉਹ ਮਨੁੱਖ ਪ੍ਰਭੂ ਦੇ ਹੁਕਮ ਨੂੰ ਹਰ ਵੇਲੇ ਚੇਤੇ ਰੱਖਦਾ ਹੈ, ਹੁਕਮ ਦੀ ਭਗਤੀ ਕਰਦਾ ਹੈ, ਹਰ ਵੇਲੇ ਹੁਕਮ ਵਿਚ ਲੀਨ ਰਹਿੰਦਾ ਹੈ। ਵਰਤ (ਆਦਿਕ ਰੱਖਣ ਦਾ) ਨੇਮ, ਸਰੀਰਕ ਪਵਿਤ੍ਰਤਾ, ਇੰਦ੍ਰਿਆਂ ਨੂੰ ਰੋਕਣ ਦਾ ਜਤਨ—ਇਹ ਸਭ ਕੁਝ ਉਸ ਮਨੁੱਖ ਦੇ ਵਾਸਤੇ ਪ੍ਰਭੂ ਦਾ ਹੁਕਮ ਮੰਨਣਾ ਹੀ ਹੈ। (ਹੁਕਮ ਮੰਨ ਕੇ) ਉਹ ਮਨੁੱਖ ਮਨ-ਮੰਗੀ ਮੁਰਾਦ ਪ੍ਰਾਪਤ ਕਰਦਾ ਹੈ।

ਹੇ ਭਾਈ! ਜਿਹੜੀ ਜੀਵ-ਇਸਤ੍ਰੀ ਪਰਮਾਤਮਾ ਦੀ ਰਜ਼ਾ ਨੂੰ ਸਮਝਦੀ ਹੈ, ਜਿਹੜੀ ਸੁਰਤਿ ਜੋੜ ਕੇ ਗੁਰੂ ਦੀ ਸਰਨ ਪਈ ਰਹਿੰਦੀ ਹੈ, ਉਹ ਜੀਵ-ਇਸਤ੍ਰੀ ਸਦਾ ਭਾਗਾਂ ਵਾਲੀ ਹੈ। ਹੇ ਨਾਨਕ! ਜਿਨ੍ਹਾਂ ਜੀਵਾਂ ਉੱਤੇ (ਪਰਮਾਤਮਾ) ਮਿਹਰ ਕਰਦਾ ਹੈ, ਉਹਨਾਂ ਨੂੰ (ਆਪਣੇ) ਹੁਕਮ ਵਿਚ ਲੀਨ ਕਰ ਲੈਂਦਾ ਹੈ। 18।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਬਦ-ਨਸੀਬ ਜੀਵ-ਇਸਤ੍ਰੀ (ਪਰਮਾਤਮਾ ਦੀ) ਰਜ਼ਾ ਨੂੰ ਨਹੀਂ ਸਮਝਦੀ, ਸਦਾ ਹਉਮੈ ਦੇ ਆਸਰੇ (ਆਪਣੇ ਵਲੋਂ ਮਿਥੇ ਹੋਏ ਧਾਰਮਿਕ) ਕੰਮ ਕਰਦੀ ਰਹਿੰਦੀ ਹੈ। ਉਹ ਵਰਤ ਨੇਮ ਸੁੱਚ ਸੰਜਮ ਦੇਵ-ਪੂਜਾ (ਆਦਿਕ ਕਰਮ ਕਰਦੀ ਹੈ, ਪਰ ਇਹ ਹਨ ਨਿਰਾ ਵਿਖਾਵਾ, ਤੇ) ਵਿਖਾਵੇ ਨਾਲ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ।

ਹੇ ਭਾਈ! (ਜਿਨ੍ਹਾਂ ਮਨੁੱਖਾਂ ਦਾ ਮਨ) ਅੰਦਰੋਂ ਖੋਟਾ ਰਹਿੰਦਾ ਹੈ, ਜਿਹੜੇ ਮਾਇਆ ਦੇ ਮੋਹ ਵਿਚ ਵਿੱਝੇ ਰਹਿੰਦੇ ਹਨ (ਉਹਨਾਂ ਦੇ ਕੀਤੇ ਧਾਰਮਿਕ ਕਰਮ ਇਉਂ ਹੀ ਹਨ) ਜਿਵੇਂ ਹਾਥੀ (ਨ੍ਹਾ ਕੇ ਆਪਣੇ ਉੱਤੇ) ਮਿੱਟੀ ਉਡਾ ਕੇ ਪਾ ਲੈਂਦਾ

ਹੈ। ਉਹ ਮਨੁੱਖ ਉਸ ਪਰਮਾਤਮਾ ਨੂੰ ਯਾਦ ਨਹੀਂ ਕਰਦੇ, ਜਿਸ ਨੇ (ਉਹਨਾਂ ਨੂੰ) ਪੈਦਾ ਕੀਤਾ। (ਹਰਿ-ਨਾਮ ਦਾ) ਸਿਮਰਨ ਕਰਨ ਤੋਂ ਬਿਨਾ ਕੋਈ ਮਨੁੱਖ ਕਦੇ ਸੁਖ ਨਹੀਂ ਪਾ ਸਕਦਾ।

ਹੇ ਨਾਨਕ! ਕਰਾਤਰ ਨੇ ਹੀ ਧੁਰ ਦਰਗਾਹ ਤੋਂ (ਆਪਣੇ ਹੁਕਮ ਨਾਲ) ਜਗਤ-ਰਚਨਾ ਕੀਤੀ ਹੋਈ ਹੈ, ਹਰੇਕ ਜੀਵ ਆਪਣੇ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੀ (ਹੁਣ ਭੀ) ਕਰਮ ਕਰੀ ਜਾਂਦਾ ਹੈ। 19।

ਗੁਰਮੁਖਿ ਪਰਤੀਤਿ ਭਈ ਮਨੁ ਮਾਨਿਆ ਅਨਦਿਨੁ ਸੇਵਾ ਕਰਤ ਸਮਾਇ ॥ ਅੰਤਰਿ ਸਤਿਗੁਰੁ ਗੁਰੂ ਸਭ ਪੂਜੇ ਸਤਿਗੁਰ ਕਾ ਦਰਸੁ ਦੇਖੈ ਸਭ ਆਇ ॥ ਮੰਨੀਐ ਸਤਿਗੁਰ ਪਰਮ ਬੀਚਾਰੀ ਜਿਤੁ ਮਿਲਿਐ ਤਿਸਨਾ ਭੁਖ ਸਭ ਜਾਇ ॥ ਹਉ ਸਦਾ ਸਦਾ ਬਲਿਹਾਰੀ ਗੁਰ ਅਪੁਨੇ ਜੋ ਪ੍ਰਭੁ ਸਚਾ ਦੇਇ ਮਿਲਾਇ ॥ ਨਾਨਕ ਕਰਮੁ ਪਾਇਆ ਤਿਨ ਸਚਾ ਜੋ ਗੁਰਚਰਣੀ ਲਗੇ ਆਇ ॥੨੦॥ {ਪੰਨਾ 1423}

ਪਦ ਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਪਰਤੀਤਿ—ਸਰਧਾ। ਮਾਨਿਆ—ਪਤੀਜਿਆ ਰਹਿੰਦਾ ਹੈ। ਅਨਦਿਨੁ—ਹਰ ਵੇਲੇ। ਕਰਤ—ਕਰਦਿਆਂ। ਸਮਾਇ—ਲੀਨ ਰਹਿੰਦਾ ਹੈ। ਅੰਤਰਿ—(ਜਿਸ ਦੇ) ਅੰਦਰ। ਸਭ—ਸਾਰੀ ਲੁਕਾਈ। ਪੂਜੇ—ਆਦਰ-ਸਤਕਾਰ ਕਰਦਾ ਹੈ। ਸਭ—ਸਾਰੀ ਲੁਕਾਈ ਵਿਚ। ਮੰਨੀਐ—ਸਰਧਾ ਬਣਾਣੀ ਚਾਹੀਦੀ ਹੈ। ਪਰਮ ਬੀਚਾਰੀ—ਸਭ ਤੋਂ ਉੱਚੀ ਆਤਮਕ ਵਿਚਾਰ ਦਾ ਮਾਲਕ। ਜਿਤੁ ਮਿਲਿਐ—ਜਿਸ ਨੂੰ ਮਿਲਿਆਂ। ਹਉ—ਹਉਂ, ਮੈਂ। ਦੇਇ ਮਿਲਾਇ—ਮਿਲਾ ਦੇਂਦਾ ਹੈ। ਸਚਾ—ਸਦਾ ਕਾਇਮ ਰਹਿਣ ਵਾਲਾ। ਕਰਮੁ—ਬਖ਼ਸ਼ਿਸ਼, ਮਿਹਰ। ਸਚਾ ਕਰਮੁ—ਸਦਾ-ਥਿਰ ਮਿਹਰ। ਆਇ—ਆ ਕੇ। 20।

ਅਰਥ:- ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ (ਗੁਰੂ ਵਾਸਤੇ) ਸਰਧਾ ਬਣੀ ਰਹਿੰਦੀ ਹੈ, (ਉਸ ਦਾ) ਮਨ (ਗੁਰੂ ਵਿਚ) ਪਤੀਜਿਆ ਰਹਿੰਦਾ ਹੈ, ਉਹ ਹਰ ਵੇਲੇ ਸੇਵਾ ਕਰਦਿਆਂ (ਸੇਵਾ ਵਿਚ) ਮਸਤ ਰਹਿੰਦਾ ਹੈ। (ਜਿਸ ਮਨੁੱਖ ਦੇ) ਹਿਰਦੇ ਵਿਚ (ਸਦਾ) ਗੁਰੂ ਵੱਸਦਾ ਹੈ ਸਭ ਦਾ ਆਦਰ-ਸਤਕਾਰ ਕਰਦਾ ਹੈ, ਉਹ ਸਾਰੀ ਲੁਕਾਈ ਵਿਚ ਗੁਰੂ ਦਾ ਦਰਸਨ ਕਰਦਾ ਹੈ।

ਹੇ ਭਾਈ! ਸਭ ਤੋਂ ਉੱਚੀ ਆਤਮਕ ਵਿਚਾਰ ਦੇ ਮਾਲਕ ਗੁਰੂ ਵਿਚ ਸਰਧਾ ਬਣਾਣੀ ਚਾਹੀਦੀ ਹੈ, ਜਿਸ (ਗੁਰੂ) ਦੇ ਮਿਲਿਆਂ (ਮਾਇਆ ਦੀ) ਸਾਰੀ ਭੁੱਖ ਸਾਰੀ ਤ੍ਰਿਹ ਦੂਰ ਹੋ ਜਾਂਦੀ ਹੈ।

ਹੇ ਭਾਈ! ਮੈਂ ਸਦਾ ਹੀ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ ਕਿਉਂਕਿ ਉਹ ਗੁਰੂ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਮਿਲਾ ਦੇਂਦਾ ਹੈ।

ਹੇ ਨਾਨਕ! ਜਿਹੜੇ ਮਨੁੱਖ ਗੁਰੂ ਦੇ ਚਰਨਾਂ ਵਿਚ ਆ ਕੇ ਟਿਕ ਗਏ, ਉਹਨਾਂ ਨੇ ਸਦਾ ਕਾਇਮ ਰਹਿਣ ਵਾਲੀ (ਰੱਬੀ) ਮਿਹਰ ਪ੍ਰਾਪਤ ਕਰ ਲਈ। 20।

ਜਿਨ ਪਿਰੀਆ ਸਉ ਨੇਹੁ ਸੇ ਸਜਣ ਮੈ ਨਾਲਿ ॥ ਅੰਤਰਿ ਬਾਹਰਿ ਹਉ ਫਿਰਾਂ ਭੀ ਹਿਰਦੈ ਰਖਾ ਸਮਾਲਿ ॥੨੧॥ ਜਿਨਾ ਇਕ ਮਨਿ ਇਕ ਚਿਤਿ ਧਿਆਇਆ ਸਤਿਗੁਰ ਸਉ ਚਿਤੁ ਲਾਇ ॥ ਤਿਨ ਕੀ ਦੁਖ ਭੁਖ ਹਉਮੈ ਵਡਾ ਰੋਗੁ ਗਇਆ ਨਿਰਦੋਖ ਭਏ ਲਿਵ ਲਾਇ ॥ ਗੁਣ ਗਾਵਹਿ ਗੁਣ ਉਚਰਹਿ ਗੁਣ ਮਹਿ ਸਵੈ ਸਮਾਇ ॥ ਨਾਨਕ ਗੁਰ ਪੂਰੇ ਤੇ ਪਾਇਆ ਸਹਜਿ ਮਿਲਿਆ ਪ੍ਰਭੁ ਆਇ ॥ ੨੨॥ {ਪੰਨਾ 1423}

ਪਦ ਅਰਥ:- ਸਉ—ਸਉਂ, ਸਿਉਂ, ਨਾਲ। ਪਿਰੀਆ ਸਉ—ਪਿਆਰੇ (ਪ੍ਰਭੂ) ਨਾਲ। ਨੇਹੁ—ਪਿਆਰ। ਸੇ—ਉਹ (ਬਹੁ-ਵਚਨ)। ਮੈ ਨਾਲਿ—ਮੇਰੇ ਨਾਲ। ਹਉ ਫਿਰਾਂ—ਮੈਂ ਫਿਰਦਾ ਹਾਂ। ਭੀ—ਫਿਰ ਭੀ। ਹਿਰਦੈ—ਹਿਰਦੇ ਵਿਚ। ਰਖਾ—ਰੱਖਾਂ, ਮੈਂ ਰੱਖਦਾ ਹਾਂ। ਸਮਾਲਿ—ਸੰਭਾਲ ਕੇ। 21।

ਇਕ ਮਨਿ—ਇਕਾਗਰ ਮਨ ਨਾਲ। ਇਕ ਚਿਤਿ—ਇਕਾਗਰ ਚਿੱਤ ਨਾਲ। ਸਉ—ਸਿਉਂ, ਨਾਲ। ਲਾਇ—ਜੋੜ ਕੇ। ਨਿਰਦੋਖ—ਵਿਕਾਰ-ਰਹਿਤ। ਗਾਵਹਿ—ਗਾਂਦੇ ਹਨ। ਉਚਰਹਿ—ਉਚਾਰਦੇ ਹਨ। ਸਵੈ—ਲੀਨ ਰਹਿੰਦਾ ਹੈ (ਇਕ-ਵਚਨ)। ਸਮਾਇ—ਸਮਾਇਆ ਰਹਿੰਦਾ ਹੈ। ਤੇ—ਤੋਂ, ਪਾਸੋਂ। ਸਹਜਿ—ਆਤਮਕ ਅਡੋਲਤਾ ਵਿਚ। 22।

ਅਰਥ:- ਹੇ ਭਾਈ! ਜਿਨ੍ਹਾਂ (ਸਤ ਸੰਗੀਆਂ ਦਾ) ਪਿਆਰੇ ਪ੍ਰਭੂ ਨਾਲ ਪਿਆਰ ਬਣਿਆ ਹੋਇਆ ਹੈ, ਉਹ ਸਤਸੰਗੀ ਸੱਜਣ ਮੇਰੇ ਨਾਲ (ਸਹਾਈ) ਹਨ। (ਉਹਨਾਂ ਦੇ ਸਤਸੰਗ ਦੀ ਬਰਕਤਿ ਨਾਲ) ਮੈਂ ਅੰਦਰ ਬਾਹਰ (ਦੁਨੀਆ ਦੇ ਕਾਰ ਵਿਹਾਰ ਵਿਚ ਭੀ) ਤੁਰਿਆ ਫਿਰਦਾ ਹਾਂ, (ਫਿਰ) ਭੀ (ਪਰਮਾਤਮਾ ਨੂੰ ਆਪਣੇ) ਹਿਰਦੇ ਵਿਚ ਸੰਭਾਲ ਕੇ ਰੱਖਦਾ ਹਾਂ। 21।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰ ਚਰਨਾਂ ਵਿਚ ਚਿੱਤ ਜੋੜ ਕੇ ਇਕਾਗਰ ਮਨ ਨਾਲ ਇਕਾਗਰ ਚਿੱਤ ਨਾਲ (ਪਰਮਾਤਮਾ ਦਾ ਨਾਮ) ਸਿਮਰਿਆ ਹੈ, ਉਹਨਾਂ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ, ਉਹਨਾਂ ਦੀ ਮਾਇਆ ਦੀ ਭੁੱਖ ਦੂਰ ਹੋ ਜਾਂਦੀ ਹੈ, ਉਹਨਾਂ ਦੇ ਅੰਦਰੋਂ ਹਉਮੈ ਦਾ ਵੱਡਾ ਰੋਗ ਦੂਰ ਹੋ ਜਾਂਦਾ ਹੈ, (ਪ੍ਰਭੂ-ਚਰਨਾਂ ਵਿਚ) ਸੁਰਤਿ ਜੋੜ ਕੇ ਉਹ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ। ਉਹ ਮਨੁੱਖ ਸਦਾ ਪ੍ਰਭੂ ਦੇ ਗੁਣ ਗਾਂਦੇ ਹਨ, ਗੁਣ ਉਚਾਰਦੇ ਹਨ।

ਹੇ ਭਾਈ! (ਗੁਰੂ-ਚਰਨਾਂ ਵਿਚ ਸੁਰਤਿ ਜੋੜ ਕੇ) ਮਨੁੱਖ ਪਰਮਾਤਮਾ ਦੇ ਗੁਣਾਂ ਵਿਚ ਸਦਾ ਲੀਨ ਰਹਿੰਦਾ ਹੈ ਟਿਕਿਆ ਰਹਿੰਦਾ ਹੈ। ਹੇ ਨਾਨਕ! ਪਰਮਾਤਮਾ ਪੂਰੇ ਗੁਰੂ ਦੀ ਰਾਹੀਂ ਮਿਲਦਾ ਹੈ, ਆਤਮਕ ਅਡੋਲਤਾ ਵਿਚ ਆ ਮਿਲਦਾ ਹੈ। 22।

ਮਨਮੁਖਿ ਮਾਇਆ ਮੋਹੁ ਹੈ ਨਾਮਿ ਨ ਲਗੈ ਪਿਆਰੁ ॥ ਕੂੜੁ ਕਮਾਵੈ ਕੂੜੁ ਸੰਘਰੈ ਕੂੜਿ ਕਰੈ ਆਹਾਰੁ ॥ ਬਿਖੁ ਮਾਇਆ ਧਨੁ ਸੰਚਿ ਮਰਹਿ ਅੰਤਿ ਹੋਇ ਸਭੁ ਛਾਰੁ ॥ ਕਰਮ ਧਰਮ ਸੁਚਿ ਸੰਜਮੁ ਕਰਹਿ ਅੰਤਰਿ ਲੋਭੁ ਵਿਕਾਰ ॥ ਨਾਨਕ ਮਨਮੁਖਿ ਜਿ ਕਮਾਵੈ ਸੁ ਥਾਇ ਨ ਪਵੈ ਦਰਗਹ ਹੋਇ ਖੁਆਰੁ ॥੨੩॥ {ਪੰਨਾ 1423}

ਪਦ ਅਰਥ:- ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਅੰਦਰ। ਨਾਮਿ—ਨਾਮ ਵਿਚ। ਕੂੜੁ—(kut—Fraud, deceipt) ਧੋਖਾ, ਫ਼ਰੇਬ, ਠੱਗੀ। ਸੰਘਰੈ—ਇਕੱਠਾ ਕਰਦਾ ਹੈ। ਕੂੜਿ—ਫ਼ਰੇਬ ਦੀ ਰਾਹੀਂ। ਆਹਾਰੁ—ਖ਼ੁਰਾਕ, ਆਜੀਵਕਾ। ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ। ਸੰਚਿ—ਇਕੱਠਾ ਕਰ ਕੇ। ਮਰਹਿ—ਆਤਮਕ ਮੌਤ ਸਹੇੜਦੇ ਹਨ। ਅੰਤਿ—ਆਖ਼ਰ ਨੂੰ। ਛਾਰੁ—ਸੁਆਹ। ਸਭੁ—ਸਾਰਾ (ਧਨ)। ਸੁਚਿ—ਸਰੀਰਕ ਪਵਿੱਤ੍ਰਤਾ। ਸੰਜਮੁ—ਇੰਦ੍ਰਿਆਂ ਨੂੰ ਰੋਕਣ ਦਾ ਜਤਨ। ਕਰਹਿ—ਕਰਦੇ ਹਨ (ਬਹੁ-ਵਚਨ)। ਜਿ—ਜੋ ਕੁਝ। ਥਾਇ ਨ ਪਵੈ—ਕਬੂਲ ਨਹੀਂ ਹੁੰਦਾ। ਥਾਇ—ਥਾਂ ਵਿਚ, ਥਾਂ ਸਿਰ। ਖੁਆਰੁ—ਔਖਾ, ਦੁਖੀ। 23।

ਅਰਥ:- ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਅੰਦਰ ਮਾਇਆ ਦਾ ਮੋਹ (ਬਣਿਆ ਰਹਿੰਦਾ) ਹੈ, (ਇਸ ਵਾਸਤੇ ਉਸ ਦਾ ਪਰਮਾਤਮਾ ਦੇ) ਨਾਮ ਵਿਚ ਪਿਆਰ ਨਹੀਂ ਬਣਦਾ। ਉਹ ਮਨੁੱਖ ਠੱਗੀ-ਫ਼ਰੇਬ ਕਰਦਾ ਰਹਿੰਦਾ ਹੈ, ਠੱਗੀ-ਫ਼ਰੇਬ (ਦੇ ਸੰਸਕਾਰ ਆਪਣੇ ਅੰਦਰ) ਇਕੱਠੇ ਕਰਦਾ ਜਾਂਦਾ ਹੈ, ਠੱਗੀ-ਫ਼ਰੇਬ ਦੀ ਰਾਹੀਂ ਹੀ ਆਪਣੀ ਰੋਜ਼ੀ ਬਣਾਈ ਰੱਖਦਾ ਹੈ।

ਹੇ ਭਾਈ! ਆਤਮਕ ਮੌਤ ਲਿਆਉਣ ਵਾਲੀ ਮਾਇਆ ਵਾਲਾ ਧਨ (ਮਨੁੱਖ ਦੇ) ਅੰਤ ਸਮੇ (ਉਸ ਦੇ ਭਾ ਦਾ) ਸਾਰਾ ਸੁਆਹ ਹੋ ਜਾਂਦਾ ਹੈ, (ਪਰ ਇਸੇ) ਧਨ ਨੂੰ ਜੋੜ ਜੋੜ ਕੇ (ਜੀਵ) ਆਤਮਕ ਮੌਤ ਸਹੇੜਦੇ ਰਹਿੰਦੇ ਹਨ, (ਆਪਣੇ ਵਲੋਂ ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ) ਧਾਰਮਿਕ ਕਰਮ ਕਰਦੇ ਹਨ, ਸਰੀਰਕ ਪਵਿੱਤ੍ਰਤਾ ਰੱਖਦੇ ਹਨ, (ਇਹੋ ਜਿਹਾ ਹਰੇਕ) ਸੰਜਮ ਕਰਦੇ ਹਨ, (ਪਰ ਉਹਨਾਂ ਦੇ) ਅੰਦਰ ਲੋਭ ਟਿਕਿਆ ਰਹਿੰਦਾ ਹੈ ਵਿਕਾਰ ਟਿਕੇ ਰਹਿੰਦੇ ਹਨ।

ਹੇ ਨਾਨਕ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਸਾਰੀ ਉਮਰ) ਜੋ ਕੁਝ ਕਰਦਾ ਰਹਿੰਦਾ ਹੈ ਉਹ ਪਰਮਾਤਮਾ

ਦੀ ਹਜ਼ੂਰੀ ਵਿਚ ਪਰਵਾਨ ਨਹੀਂ ਹੁੰਦਾ, ਉਥੇ ਉਹ ਖ਼ੁਆਰ ਹੀ ਹੁੰਦਾ ਹੈ। 23।

ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ ॥ ਰਾਗੁ ਨਾਦੁ ਸਭੁ ਸਚੁ ਹੈ ਕੀਮਤਿ ਕਹੀ ਨ ਜਾਇ ॥ ਰਾਗੈ ਨਾਦੈ ਬਾਹਰਾ ਇਨੀ ਹੁਕਮੁ ਨ ਬੂਝਿਆ ਜਾਇ ॥ ਨਾਨਕ ਹੁਕਮੈ ਬੂਝੈ ਤਿਨਾ ਰਾਸਿ ਹੋਇ ਸਤਿਗੁਰ ਤੇ ਸੋਝੀ ਪਾਇ ॥ ਸਭੁ ਕਿਛੁ ਤਿਸ ਤੇ ਹੋਇਆ ਜਿਉ ਤਿਸੈ ਦੀ ਰਜਾਇ ॥੨੪॥
{ਪੰਨਾ 1423}

ਪਦ ਅਰਥ:- ਭਾਈ—ਹੇ ਭਾਈ! ਸੋ—ਉਹ (‘ਸਚੁ’ ਹੀ, ‘ਸਿਮਰਨ’ ਹੀ)। ਭਲਾ—ਚੰਗਾ (ਉੱਦਮ)। ਜਿਤੁ—ਜਿਸ (ਉੱਦਮ) ਦੀ ਰਾਹੀਂ, ਜਿਸ (ਸਿਮਰਨ) ਦੀ ਰਾਹੀਂ। ਮਨਿ—ਮਨ ਵਿਚ। ਸਚੁ—ਸਦਾ-ਥਿਰ ਹਰਿ-ਨਾਮ (ਦਾ ਸਿਮਰਨ)। ਰਾਗੈ ਬਾਹਰਾ—ਰਾਗ (ਦੀ ਕੈਦ) ਤੋਂ ਪਰੇ। ਨਾਦੈ ਬਾਹਰਾ—ਨਾਦ (ਦੀ ਕੈਦ) ਤੋਂ ਪਰੇ। ਇਨੀ—ਇਹਨਾਂ (ਰਾਗਾਂ ਅਤੇ ਨਾਦਾਂ) ਦੀ ਰਾਹੀਂ। ਨਾਦੁ—ਆਵਾਜ਼, ਸਿੰਙੀ ਆਦਿਕ ਦਾ ਵਜਾਣਾ। ਬੂਝੈ—ਸਮਝਦਾ ਹੈ (ਇਕ-ਵਚਨ)। ਤਿਨਾ—ਉਹਨਾਂ ਵਾਸਤੇ। ਰਾਸਿ ਹੋਇ—(ਰਾਗ ਭੀ) ਰਾਸਿ ਹੋਇ, (ਰਾਗ ਭੀ) ਸਫਲ ਹੋ ਜਾਂਦਾ ਹੈ, (ਰਾਗ ਭੀ) ਸਹਾਇਕ ਹੋ ਜਾਂਦਾ ਹੈ। ਤੇ—ਤੋਂ, ਪਾਸੋਂ। ਸੋਝੀ—ਰਜ਼ਾ ਦੀ ਸੂਝ। ਤਿਸ ਤੇ—(ਸੰਬੰਧਕ ‘ਤੇ’ ਦੇ ਕਾਰਨ ਲਫ਼ਜ਼ ‘ਤਿਸੁ’ ਦਾ ੁ ਉੱਡ ਗਿਆ ਹੈ) ਉਸ ਪਰਮਾਤਮਾ ਤੋਂ। ਜਿਉ—ਜਿਵੇਂ। 24।

ਅਰਥ:- ਹੇ ਭਾਈ! ਸਦਾ-ਥਿਰ ਹਰਿ-ਨਾਮ (ਦਾ ਸਿਮਰਨ ਹੀ ਮਨੁੱਖ ਵਾਸਤੇ) ਸਭ ਕੁਝ ਹੈ, ਸਦਾ-ਥਿਰ ਹਰਿ-ਨਾਮ ਹੀ (ਮਨੁੱਖ ਵਾਸਤੇ) ਰਾਗ ਹੈ ਨਾਦ ਹੈ, (ਹਰਿ-ਨਾਮ ਦੇ ਸਿਮਰਨ ਦਾ) ਮੁੱਲ ਬਿਆਨ ਨਹੀਂ ਕੀਤਾ ਜਾ ਸਕਦਾ। ਹੇ ਭਾਈ! ਸਾਰੇ ਰਾਗਾਂ ਵਿਚ ਉਹ (ਹਰਿ-ਨਾਮ ਸਿਮਰਨ ਹੀ) ਚੰਗਾ (ਉੱਦਮ) ਹੈ, ਕਿਉਂਕਿ ਉਸ (ਸਿਮਰਨ) ਦੀ ਰਾਹੀਂ (ਹੀ ਪਰਮਾਤਮਾ ਮਨੁੱਖ ਦੇ) ਮਨ ਵਿਚ ਆ ਕੇ ਵੱਸਦਾ ਹੈ। ਪਰਮਾਤਮਾ (ਦਾ ਮਿਲਾਪ) ਰਾਗ (ਦੀ ਕੈਦ) ਤੋਂ ਪਰੇ ਹੈ, ਨਾਦ (ਦੀ ਕੈਦ) ਤੋਂ ਪਰੇ ਹੈ। ਇਹਨਾਂ (ਰਾਗਾਂ ਨਾਦਾਂ) ਦੀ ਰਾਹੀਂ (ਪਰਮਾਤਮਾ ਦੀ) ਰਜ਼ਾ ਨੂੰ ਸਮਝਿਆ ਨਹੀਂ ਜਾ ਸਕਦਾ।

ਹੇ ਨਾਨਕ! (ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੀ) ਰਜ਼ਾ ਨੂੰ ਸਮਝ ਲੈਂਦਾ ਹੈ ਉਹਨਾਂ ਵਾਸਤੇ (ਰਾਗ ਭੀ) ਸਹਾਈ ਹੋ ਸਕਦਾ ਹੈ (ਉਂਞ ਨਿਰੇ ਰਾਗ ਹੀ ਆਤਮਕ ਜੀਵਨ ਦੇ ਰਸਤੇ ਵਿਚ ਸਹਾਈ ਨਹੀਂ ਹਨ)।

ਹੇ ਭਾਈ! ਗੁਰੂ ਪਾਸੋਂ ਇਹ ਸਮਝ ਪੈਂਦੀ ਹੈ ਕਿ ਸਭ ਕੁਝ ਉਸ ਪਰਮਾਤਮਾ ਤੋਂ ਹੀ ਹੋ ਰਿਹਾ ਹੈ, ਜਿਵੇਂ ਉਸ ਦੀ ਰਜ਼ਾ ਹੈ, (ਤਿਵੇਂ ਹੀ ਸਭ ਕੁਝ ਹੋ ਰਿਹਾ ਹੈ)। 24।

ਸਤਿਗੁਰ ਵਿਚਿ ਅੰਮ੍ਰਿਤ ਨਾਮੁ ਹੈ ਅੰਮ੍ਰਿਤੁ ਕਹੈ ਕਹਾਇ ॥ ਗੁਰਮਤੀ ਨਾਮੁ ਨਿਰਮਲੁ ਨਿਰਮਲ ਨਾਮੁ ਧਿਆਇ ॥ ਅੰਮ੍ਰਿਤ ਬਾਣੀ ਤਤੁ ਹੈ ਗੁਰਮੁਖਿ ਵਸੈ ਮਨਿ ਆਇ ॥ ਹਿਰਦੈ ਕਮਲੁ ਪਰਗਾਸਿਆ ਜੋਤੀ ਜੋਤਿ ਮਿਲਾਇ ॥ ਨਾਨਕ ਸਤਿਗੁਰੁ ਤਿਨ ਕਉ ਮੇਲਿਓਨੁ ਜਿਨ ਧੁਰਿ ਮਸਤਕਿ ਭਾਗੁ ਲਿਖਾਇ ॥੨੫॥
{ਪੰਨਾ 1424}

ਪਦ ਅਰਥ:- ਅੰਮ੍ਰਿਤ ਨਾਮੁ—ਆਤਮਕ ਜੀਵਨ ਵਾਲਾ ਹਰਿ-ਨਾਮ। ਕਹੈ—ਜਪਦਾ ਹੈ, ਉਚਾਰਦਾ ਹੈ। ਕਹਾਇ—ਜਪਾਂਦਾ ਹੈ (ਹੋਰਨਾਂ ਤੋਂ)। ਨਿਰਮਲੁ—(ਅੱਖਰ ‘ਲ’ ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ ‘ਨਿਰਮਲੁ’, ਇਥੇ ‘ਨਿਰਮਲੋ’ ਪੜ੍ਹਨਾ ਹੈ) ਪਵਿੱਤਰ। ਅੰਮ੍ਰਿਤ ਬਾਣੀ—ਆਤਮਕ ਜੀਵਨ ਦੇਣ ਵਾਲੀ ਬਾਣੀ ਵਿਚ। ਤਤੁ—ਨਿਚੋੜ, ਅਸਲੀਅਤ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਮਨਿ—ਮਨ ਵਿਚ। ਪਰਗਾਸਿਆ—ਖਿੜ ਪੈਂਦਾ ਹੈ। ਜੋਤਿ—ਜਿੰਦ। ਮੇਲਿਓਨੁ—ਉਸ (ਪ੍ਰਭੂ) ਨੇ ਮਿਲਾਇਆ ਹੈ। ਧੁਰਿ—ਧੁਰ ਦਰਗਾਹ ਤੋਂ। ਮਸਤਕਿ—ਮੱਥੇ ਉੱਤੇ। ਭਾਗੁ—ਚੰਗੀ ਕਿਸਮਤ। 25।

ਅਰਥ:- ਹੇ ਭਾਈ! (ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ ਗੁਰੂ (ਦੇ ਹਿਰਦੇ) ਵਿਚ ਵੱਸਦਾ ਹੈ,

(ਗੁਰੂ ਆਪ ਇਹ) ਅੰਮ੍ਰਿਤ-ਨਾਮ ਜਪਦਾ ਹੈ (ਅਤੇ ਹੋਰਨਾਂ ਪਾਸੋ) ਜਪਾਂਦਾ ਹੈ। ਗੁਰੂ ਦੀ ਮਤਿ ਉਤੇ ਤੁਰਿਆਂ ਹੀ (ਇਹ) ਪਵਿੱਤਰ ਨਾਮ (ਪ੍ਰਾਪਤ ਹੁੰਦਾ ਹੈ। ਗੁਰੂ ਦੀ ਮਤਿ ਉਤੇ ਤੁਰ ਕੇ ਹੀ ਮਨੁੱਖ ਇਹ) ਪਵਿੱਤਰ ਨਾਮ ਜਪ (ਸਕਦਾ ਹੈ)।

ਹੇ ਭਾਈ! (ਮਨੁੱਖਾ ਜੀਵਨ ਦਾ) ਤੱਤ (ਹਰਿ-ਨਾਮ ਗੁਰੂ ਦੀ) ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਰਾਹੀਂ ਹੀ ਮਿਲਦਾ ਹੈ, ਗੁਰੂ ਦੀ ਸਰਨ ਪਿਆਂ ਹੀ (ਹਰਿ-ਨਾਮ ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ (ਜਿਸ ਮਨੁੱਖ ਦੇ ਅੰਦਰ ਹਰਿ-ਨਾਮ ਆ ਵੱਸਦਾ ਹੈ, ਉਸ ਦੇ) ਹਿਰਦੇ ਦਾ ਕੌਲ-ਫੁੱਲ ਖਿੜ ਪੈਂਦਾ ਹੈ, (ਉਸ ਦੀ) ਜਿੰਦ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ। ਪਰ, ਹੇ ਨਾਨਕ! ਉਸ (ਪਰਮਾਤਮਾ) ਨੇ ਗੁਰੂ ਉਹਨਾਂ (ਮਨੁੱਖਾਂ) ਨੂੰ ਮਿਲਾਇਆ, ਜਿਨ੍ਹਾਂ ਦੇ ਮੱਥੇ ਉਤੇ (ਉਸ ਨੇ) ਧੁਰ ਦਰਗਾਹ ਤੋਂ (ਇਹ) ਚੰਗੀ ਕਿਸਮਤ ਲਿਖ ਦਿੱਤੀ। 25।

ਅੰਦਰਿ ਤਿਸਨਾ ਅਗਿ ਹੈ ਮਨਮੁਖ ਭੁਖ ਨ ਜਾਇ ॥ ਮੋਹੁ ਕੁਟੰਬੁ ਸਭੁ ਕੂੜੁ ਹੈ ਕੂੜਿ ਰਹਿਆ ਲਪਟਾਇ ॥ ਅਨਦਿਨੁ ਚਿੰਤਾ ਚਿੰਤਵੈ ਚਿੰਤਾ ਬਧਾ ਜਾਇ ॥ ਜੰਮਣੁ ਮਰਣੁ ਨ ਚੁਕਈ ਹਉਮੈ ਕਰਮ ਕਮਾਇ ॥ ਗੁਰ ਸਰਣਾਈ ਉਬਰੈ ਨਾਨਕ ਲਏ ਛਡਾਇ ॥੨੬॥ {ਪੰਨਾ 1424}

ਪਦ ਅਰਥ:- ਮਨਮੁਖ ਅੰਦਰਿ—ਆਪਣੇ ਮਨ ਦੇ ਮੁਰੀਦ ਮਨੁੱਖ ਦੇ ਹਿਰਦੇ ਵਿਚ। ਅਗਿ—ਅੱਗ। ਜਾਇ—ਦੂਰ ਹੁੰਦੀ। ਕੂੜੁ—ਨਾਸਵੰਤ ਪਸਾਰਾ। ਕੂੜਿ—ਨਾਸਵੰਤ ਪਸਾਰੇ ਵਿਚ। ਰਹਿਆ ਲਪਟਾਇ—ਫਸਿਆ ਰਹਿੰਦਾ ਹੈ। ਅਨਦਿਨੁ—(Anuidnz) ਹਰ ਰੋਜ਼, ਹਰ ਵੇਲੇ। ਚਿੰਤਵੈ—ਸੋਚਦਾ ਰਹਿੰਦਾ ਹੈ। ਬਧਾ—ਬੱਝਾ ਹੋਇਆ। ਜਾਇ—(ਜਗਤ ਤੋਂ) ਤੁਰ ਪੈਂਦਾ ਹੈ। ਨ ਚੁਕਈ—ਨਹੀਂ ਮੁੱਕਦਾ। ਕਮਾਇ—ਕਰਦਾ ਰਹਿੰਦਾ ਹੈ। ਉਬਰੈ—ਬਚਦਾ ਹੈ। ਨਾਨਕ—ਹੇ ਨਾਨਕ!। 26।

ਅਰਥ:- ਹੇ ਭਾਈ! ਆਪਣੇ ਮਨ ਦੇ ਮੁਰੀਦ ਮਨੁੱਖ ਦੇ ਹਿਰਦੇ ਵਿਚ ਤ੍ਰਿਸ਼ਨਾ ਦੀ (ਅੱਗ ਬਲਦੀ) ਰਹਿੰਦੀ, (ਉਸ ਦੇ ਅੰਦਰੋਂ ਮਾਇਆ ਦੀ) ਭੁੱਖ (ਕਦੇ) ਦੂਰ ਨਹੀਂ ਹੁੰਦੀ। ਹੇ ਭਾਈ! (ਜਗਤ ਦਾ ਇਹ) ਮੋਹ ਨਾਸਵੰਤ ਪਸਾਰਾ ਹੈ, (ਇਹ) ਪਰਵਾਰ (ਭੀ) ਨਾਸਵੰਤ ਪਸਾਰਾ ਹੈ, (ਪਰ ਮਨ ਦਾ ਮੁਰੀਦ ਮਨੁੱਖ ਇਸ) ਨਾਸਵੰਤ ਪਸਾਰੇ ਵਿਚ (ਸਦਾ) ਫਸਿਆ ਰਹਿੰਦਾ ਹੈ, ਹਰ ਵੇਲੇ (ਮਾਇਆ ਦੇ ਮੋਹ ਦੀਆਂ) ਸੋਚਾਂ ਸੋਚਦਾ ਰਹਿੰਦਾ ਹੈ, ਸੋਚਾਂ ਵਿਚ ਬੱਝਾ ਹੋਇਆ (ਹੀ ਜਗਤ ਤੋਂ) ਤੁਰ ਪੈਂਦਾ ਹੈ, ਹਉਮੈ ਦੇ ਆਸਰੇ ਹੀ (ਸਾਰੇ) ਕੰਮ ਕਰਦਾ ਰਹਿੰਦਾ ਹੈ (ਤਾਹੀਏਂ ਉਸ ਦਾ) ਜਨਮ ਮਰਣ ਦਾ ਗੇੜ (ਕਦੇ) ਮੁੱਕਦਾ ਨਹੀਂ। ਪਰ, ਹੇ ਨਾਨਕ! ਗੁਰੂ ਦੀ ਸਰਨ ਪੈ ਕੇ (ਉਹ ਮਨਮੁਖ ਭੀ ਮੋਹ ਦੇ ਜਾਲ ਵਿਚੋਂ) ਬਚ ਨਿਕਲਦਾ ਹੈ, ਗੁਰੂ (ਇਸ ਮੋਹ-ਜਾਲ ਤੋਂ) ਛੁਡਾ ਲੈਂਦਾ ਹੈ। 26।

ਸਤਿਗੁਰ ਪੁਰਖੁ ਹਰਿ ਧਿਆਇਦਾ ਸਤਸੰਗਤਿ ਸਤਿਗੁਰ ਭਾਇ ॥ ਸਤਸੰਗਤਿ ਸਤਿਗੁਰ ਸੇਵਦੇ ਹਰਿ ਮੇਲੇ ਗੁਰੁ ਮੇਲਾਇ ॥ ਏਹੁ ਭਉਜਲੁ ਜਗਤੁ ਸੰਸਾਰੁ ਹੈ ਗੁਰੁ ਬੋਹਿਥੁ ਨਾਮਿ ਤਰਾਇ ॥ ਗੁਰਸਿਖੀਆਣਾ ਮੰਨਿਆ ਗੁਰੁ ਪੂਰਾ ਪਾਰਿ ਲੰਘਾਇ ॥ ਗੁਰਸਿਖਾਂ ਕੀ ਹਰਿ ਧੂੜਿ ਦੇਹਿ ਹਮ ਪਾਪੀ ਭੀ ਗਤਿ ਪਾਂਹਿ ॥ ਧੁਰਿ ਮਸਤਕਿ ਹਰਿ ਪ੍ਰਭ ਲਿਖਿਆ ਗੁਰ ਨਾਨਕ ਮਿਲਿਆ ਆਇ ॥ ਜਮਕੰਕਰ ਮਾਰਿ ਬਿਦਾਰਿਅਨੁ ਹਰਿ ਦਰਗਹ ਲਏ ਛਡਾਇ ॥ ਗੁਰਸਿਖਾ ਨੋ ਸਾਬਾਸਿ ਹੈ ਹਰਿ ਤੁਠਾ ਮੇਲਿ ਮਿਲਾਇ ॥ ੨੭॥ {ਪੰਨਾ 1424}

ਪਦ ਅਰਥ:- ਸਤਿਗੁਰ ਭਾਇ—ਗੁਰੂ ਦੇ ਪਿਆਰ ਵਿਚ (ਟਿਕ ਕੇ)। ਸੇਵਦੇ—ਸਰਨ ਪੈਂਦੇ ਹਨ। ਭਉਜਲੁ—ਸੰਸਾਰ-ਸਮੁੰਦਰ। ਬੋਹਿਥੁ—ਜਹਾਜ਼। ਨਾਮਿ—ਨਾਮ ਦੀ ਰਾਹੀਂ। ਤਰਾਇ—ਪਾਰ ਲੰਘਾ ਲੈਂਦਾ ਹੈ। ਗੁਰਸਿਖੀ—ਗੁਰੂ ਦੇ ਸਿੱਖਾਂ ਨੇ। ਭਾਣਾ—ਰਜ਼ਾ, ਮਰਜ਼ੀ। ਹਰਿ—ਹੇ ਹਰੀ! ਗਤਿ—ਉੱਚੀ ਆਤਮਕ ਅਵਸਥਾ। ਪਾਂਹਿ—ਅਸੀਂ ਹਾਸਲ ਕਰ ਸਕੀਏ। ਧੁਰਿ—ਧੁਰ ਦਰਗਾਹ ਤੋਂ। ਮਸਤਕਿ—ਮੱਥੇ ਉੱਤੇ। ਗੁਰ ਮਿਲਿਆ—ਗੁਰੂ ਨੂੰ ਮਿਲ ਪਿਆ।

ਕੰਕਰ—(ikzkr) ਦਾਸ, ਸੇਵਕ। ਜਮ ਕੰਕਰ—ਜਮ ਦੇ ਦਾਸ ਜਮਦੂਤ (ਬਹੁ-ਵਚਨ)। ਮਾਰਿ—ਮਾਰ ਕੇ। ਬਿਦਾਰਿਅਨੁ—ਉਸ ਗੁਰੂ ਨੇ ਮੁਕਾ ਦਿੱਤੇ। ਨੋ—ਨੂੰ। ਤੁਠਾ—ਪ੍ਰਸੰਨ। 27।

ਅਰਥ:- ਹੇ ਭਾਈ! ਗੁਰੂ ਮਹਾਪੁਰਖ ਸਾਧ ਸੰਗਤਿ ਵਿਚ ਗੁਰੂ ਦੇ ਪਿਆਰ ਵਿਚ ਟਿਕ ਕੇ ਪਰਮਾਤਮਾ ਦਾ ਸਿਮਰਨ ਕਰਦਾ ਰਹਿੰਦਾ ਹੈ। (ਜਿਹੜੇ ਮਨੁੱਖ) ਸਾਧ ਸੰਗਤਿ ਵਿਚ ਆ ਕੇ ਗੁਰੂ ਦੀ ਸਰਨ ਪੈਂਦੇ ਹਨ, ਗੁਰੂ ਉਹਨਾਂ ਨੂੰ ਪਰਮਾਤਮਾ ਵਿਚ ਜੋੜ ਦੇਂਦਾ ਹੈ ਪਰਮਾਤਮਾ ਨਾਲ ਮਿਲਾ ਦੇਂਦਾ ਹੈ। (ਹੇ ਭਾਈ! ਉਂਞ ਤਾਂ) ਇਹ ਜਗਤ ਇਹ ਸੰਸਾਰ ਇਕ ਭਿਆਨਕ ਸਮੁੰਦਰ ਹੈ, ਪਰ ਗੁਰੂ-ਜਹਾਜ਼ (ਸਰਨ ਆਏ ਜੀਵਾਂ ਨੂੰ) ਹਰਿ-ਨਾਮ ਵਿਚ (ਜੋੜ ਕੇ ਇਸ ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ। (ਜਿਨ੍ਹਾਂ) ਗੁਰਸਿੱਖਾਂ ਨੇ (ਗੁਰੂ ਦਾ) ਹੁਕਮ ਮੰਨ ਲਿਆ, ਪੂਰਾ ਗੁਰੂ (ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ।

ਹੇ ਹਰੀ! ਅਸਾਂ ਜੀਵਾਂ ਨੂੰ ਗੁਰਸਿੱਖਾਂ ਦੇ ਚਰਨਾਂ ਦੀ ਧੂੜ ਬਖ਼ਸ਼, ਤਾ ਕਿ ਅਸੀਂ ਵਿਕਾਰੀ ਜੀਵ ਭੀ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਸਕੀਏ।

ਹੇ ਨਾਨਕ! ਧੁਰ ਦਰਗਾਹ ਤੋਂ ਹਰੀ-ਪ੍ਰਭੂ ਦਾ ਲਿਖਿਆ ਲੇਖ (ਜਿਸ ਮਨੁੱਖ ਦੇ) ਮੱਥੇ ਉੱਤੇ ਉੱਘੜ ਪੈਂਦਾ ਹੈ ਉਹ ਮਨੁੱਖ ਗੁਰੂ ਨੂੰ ਆ ਮਿਲਦਾ ਹੈ। ਉਸ (ਗੁਰੂ) ਨੇ (ਸਾਰੇ) ਜਮਦੂਤ ਮਾਰ ਕੇ ਮੁਕਾ ਦਿੱਤੇ। (ਗੁਰੂ ਉਸ ਨੂੰ) ਪਰਮਾਤਮਾ ਦੀ ਦਰਗਾਹ ਵਿਚ ਸੁਰਖ਼ਰੂ ਕਰਾ ਲੈਂਦਾ ਹੈ।

ਹੇ ਭਾਈ! ਗੁਰਸਿੱਖਾਂ ਨੂੰ (ਲੋਕ ਪਰਲੋਕ ਵਿਚ) ਆਦਰ-ਸਤਕਾਰ ਮਿਲਦਾ ਹੈ, ਪ੍ਰਭੂ ਉਹਨਾਂ ਉਤੇ ਪ੍ਰਸੰਨ ਹੋ ਕੇ (ਉਹਨਾਂ ਨੂੰ ਆਪਣੇ ਨਾਲ) ਮਿਲਾ ਲੈਂਦਾ ਹੈ। 27।

ਗੁਰਿ ਪੂਰੈ ਹਰਿ ਨਾਮੁ ਦਿੜਾਇਆ ਜਿਨਿ ਵਿਚਹੁ ਭਰਮੁ ਚੁਕਾਇਆ ॥ ਰਾਮ ਨਾਮੁ ਹਰਿ ਕੀਰਤਿ ਗਾਇ ਕਰਿ ਚਾਨਣੁ ਮਗੁ ਦੇਖਾਇਆ ॥ ਹਉਮੈ ਮਾਰਿ ਏਕ ਲਿਵ ਲਾਗੀ ਅੰਤਰਿ ਨਾਮੁ ਵਸਾਇਆ ॥ ਗੁਰਮਤੀ ਜਮੁ ਜੋਹਿ ਨ ਸਕੈ ਸਚੈ ਨਾਇ ਸਮਾਇਆ ॥ ਸਭੁ ਆਪੇ ਆਪਿ ਵਰਤੈ ਕਰਤਾ ਜੋ ਭਾਵੈ ਸੋ ਨਾਇ ਲਾਇਆ ॥ ਜਨ ਨਾਨਕ ਨਾਉ ਲਏ ਤਾਂ ਜੀਵੈ ਬਿਨੁ ਨਾਵੈ ਖਿਨੁ ਮਰਿ ਜਾਇਆ ॥੨੮॥

ਪਦ ਅਰਥ:- ਗੁਰਿ ਪੂਰੈ—ਪੂਰੇ ਗੁਰੂ ਨੇ। ਦਿੜਾਇਆ—(ਹਿਰਦੇ ਵਿਚ) ਪੱਕਾ ਕਰ ਦਿੱਤਾ। ਜਿਨਿ—ਜਿਸ (ਗੁਰੂ) ਨੇ। ਵਿਚਹੁ—(ਜੀਵ ਦੇ) ਅੰਦਰੋਂ। ਭਰਮੁ—ਭਟਕਣਾ। ਚੁਕਾਇਆ—ਮੁਕਾ ਦਿੱਤਾ। ਕੀਰਤਿ—ਸਿਫ਼ਤਿ-ਸਾਲਾਹ। ਗਾਇ—(ਆਪ) ਗਾ ਕੇ। ਕਰਿ—ਪੈਦਾ ਕਰ ਕੇ। ਮਗੁ—ਰਸਤਾ। ਮਾਰਿ—ਮਾਰ ਕੇ। ਲਿਵ—ਸੁਰਤਿ। ਜੋਹਿ ਨ ਸਕੈ—ਤੱਕ ਨਹੀਂ ਸਕਦਾ। ਸਚੈ ਨਾਇ—ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਵਿਚ। ਸਭੁ—ਹਰ ਥਾਂ। ਆਪੇ—ਆਪ ਹੀ। ਵਰਤੈ—ਵਰਤਦਾ ਹੈ, ਮੌਜੂਦ ਹੈ। ਜੋ ਭਾਵੈ—ਜਿਹੜਾ ਜੀਵ ਉਸ ਨੂੰ ਚੰਗਾ ਲੱਗਦਾ ਹੈ। ਨਾਇ—ਨਾਮ ਵਿਚ। ਨਾਨਕੁ ਨਾਉ ਲਏ—ਨਾਨਕ ਹਰਿ-ਨਾਮ ਲੈਂਦਾ ਹੈ। ਤਾਂ—ਤਦੋਂ। ਜੀਵੈ—ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਮਰਿ ਜਾਇਆ—ਆਤਮਕ ਮੌਤ ਆਈ ਸਮਝਦਾ ਹੈ, ਮਰ ਜਾਂਦਾ ਹੈ। 28।

ਅਰਥ:- ਹੇ ਭਾਈ! (ਜਿਸ) ਪੂਰੇ ਗੁਰੂ ਨੇ (ਜੀਵ ਦੇ ਅੰਦਰ ਸਦਾ) ਪਰਮਾਤਮਾ ਦਾ ਨਾਮ ਪੱਕਾ ਕੀਤਾ ਹੈ, ਜਿਸ (ਪੂਰੇ ਗੁਰੂ) ਨੇ (ਜੀਵ ਦੇ) ਅੰਦਰੋਂ ਭਟਕਣਾ (ਸਦਾ) ਮੁਕਾਈ ਹੈ, (ਉਸ ਗੁਰੂ ਨੇ ਆਪ) ਪਰਮਾਤਮਾ ਦਾ ਨਾਮ (ਸਿਮਰ ਕੇ), ਪਰਮਾਤਮਾ ਦੀ ਸਿਫ਼ਤਿ-ਸਾਲਾਹ ਗਾ ਗਾ ਕੇ (ਸਰਨ ਆਏ ਮਨੁੱਖ ਦੇ ਹਿਰਦੇ ਵਿਚ ਆਤਮਕ ਜੀਵਨ ਦਾ) ਚਾਨਣ ਪੈਦਾ ਕਰ ਕੇ (ਉਸ ਨੂੰ ਆਤਮਕ ਜੀਵਨ ਦਾ ਸਹੀ) ਰਸਤਾ (ਸਦਾ) ਵਿਖਾਇਆ ਹੈ।

ਹੇ ਭਾਈ! (ਪੂਰੇ ਗੁਰੂ ਦੀ ਰਾਹੀਂ) ਹਉਮੈ ਦੂਰ ਕਰ ਕੇ (ਜਿਸ ਮਨੁੱਖ ਦੇ ਅੰਦਰ) ਇਕ ਪਰਮਾਤਮਾ ਦੀ ਲਗਨ ਲੱਗ ਗਈ, (ਉਸ ਨੇ ਆਪਣੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਵਸਾ ਲਿਆ। ਗੁਰੂ ਦੀ ਮਤਿ ਉਤੇ ਤੁਰਨ ਦੇ ਕਾਰਨ ਜਮਰਾਜ ਭੀ (ਉਸ ਮਨੁੱਖ ਵੱਲ) ਤੱਕ ਨਹੀਂ ਸਕਦਾ, (ਉਹ ਮਨੁੱਖ) ਸਦਾ-ਥਿਰ ਹਰਿ-ਨਾਮ ਵਿਚ (ਸਦਾ) ਲੀਨ

ਰਹਿੰਦਾ ਹੈ। (ਉਸਨੂੰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਹਰ ਥਾਂ ਕਰਤਾਰ ਆਪ ਹੀ ਆਪ ਮੌਜੂਦ ਹੈ, ਜਿਹੜਾ ਮਨੁੱਖ ਉਸ ਨੂੰ ਚੰਗਾ ਲੱਗ ਪੈਂਦਾ ਹੈ ਉਸ ਨੂੰ ਆਪਣੇ ਨਾਮ ਵਿਚ ਜੋੜ ਲੈਂਦਾ ਹੈ।

ਹੇ ਭਾਈ! ਦਾਸ ਨਾਨਕ (ਭੀ ਜਦੋਂ ਪਰਮਾਤਮਾ ਦਾ) ਨਾਮ ਜਪਦਾ ਹੈ ਤਦੋਂ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਤਾਂ ਜੀਵ ਇਕ ਖਿਨ ਵਿਚ ਹੀ ਆਤਮਕ ਮੌਤ ਸਹੇੜ ਲੈਂਦਾ ਹੈ। 28।

ਮਨ ਅੰਤਰਿ ਹਉਮੈ ਰੋਗੁ ਭ੍ਰਮਿ ਭੂਲੇ ਹਉਮੈ ਸਾਕਤ ਦੁਰਜਨਾ ॥ ਨਾਨਕ ਰੋਗੁ ਗਵਾਇ ਮਿਲਿ ਸਤਿਗੁਰ ਸਾਧੂ ਸਜਣਾ ॥੨੯॥ {ਪੰਨਾ 1424}

ਪਦ ਅਰਥ:- ਭ੍ਰਮਿ—ਭਟਕਣਾ ਵਿਚ। ਭੂਲੇ—ਕੁਰਾਹੇ ਪਏ ਰਹਿੰਦੇ ਹਨ। ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ। ਦੁਰਜਨ—ਦੁਰਾਚਾਰੀ ਮਨੁੱਖ, ਭੈੜੇ ਮਨੁੱਖ। ਅੰਤਰਿ—ਅੰਦਰ। ਗਵਾਇ—ਦੂਰ ਕਰ ਲੈਂਦਾ ਹੈ। ਮਿਲਿ—ਮਿਲ ਕੇ। 29।

ਅਰਥ:- ਹੇ ਭਾਈ! ਪਰਮਾਤਮਾ ਨਾਲੋਂ ਟੁੱਟੇ ਹੋਏ ਦੁਰਾਚਾਰੀ ਮਨੁੱਖਾਂ ਦੇ ਮਨ ਵਿਚ ਹਉਮੈ ਦਾ ਰੋਗ (ਸਦਾ ਟਿਕਿਆ ਰਹਿੰਦਾ ਹੈ), ਇਸ ਹਉਮੈ ਦੇ ਕਾਰਨ ਭਟਕਣਾ ਵਿਚ ਪੈ ਕੇ ਉਹ (ਜੀਵਨ ਦੇ) ਗ਼ਲਤ ਰਸਤੇ ਪਏ ਰਹਿੰਦੇ ਹਨ। ਹੇ ਨਾਨਕ! (ਸਾਕਤ ਮਨੁੱਖ ਭੀ) ਸੱਜਣ ਸਾਧੂ ਸਤਿਗੁਰੂ ਨੂੰ ਮਿਲ ਕੇ (ਹਉਮੈ ਦਾ ਇਹ) ਰੋਗ ਦੂਰ ਕਰ ਲੈਂਦਾ ਹੈ। 29।

ਗੁਰਮਤੀ ਹਰਿ ਹਰਿ ਬੋਲੇ ॥ ਹਰਿ ਪ੍ਰੇਮਿ ਕਸਾਈ ਦਿਨਸੁ ਰਾਤਿ ਹਰਿ ਰਤੀ ਹਰਿ ਰੰਗਿ ਚੋਲੇ ॥ ਹਰਿ ਜੈਸਾ ਪੁਰਖੁ ਨ ਲਭਈ ਸਭੁ ਦੇਖਿਆ ਜਗਤੁ ਮੈ ਟੋਲੇ ॥ ਗੁਰ ਸਤਿਗੁਰਿ ਨਾਮੁ ਦਿੜਾਇਆ ਮਨੁ ਅਨਤ ਨ ਕਾਹੂ ਡੋਲੇ ॥ ਜਨ ਨਾਨਕੁ ਹਰਿ ਕਾ ਦਾਸੁ ਹੈ ਗੁਰ ਸਤਿਗੁਰ ਕੇ ਗੁਲ ਗੋਲੇ ॥ ੩੦॥ {ਪੰਨਾ 1424}

ਪਦ ਅਰਥ:- ਗੁਰਮਤੀ—ਗੁਰੂ ਦੀ ਮਤਿ ਉਤੇ ਤੁਰ ਕੇ। ਬੋਲੇ—ਜਪਦੀ ਰਹਿੰਦੀ ਹੈ। ਪ੍ਰੇਮਿ—ਪ੍ਰੇਮ ਵਿਚ। ਕਸਾਈ—ਖਿੱਚੀ ਰਹਿੰਦੀ ਹੈ। ਹਰਿ ਰੰਗਿ—ਹਰੀ ਦੇ (ਪ੍ਰੇਮ-) ਰੰਗ ਵਿਚ। ਰਤੀ—ਰੰਗੀ ਹੋਈ। ਚੋਲੇ—(ਆਤਮਕ ਆਨੰਦ) ਮਾਣਦੀ ਹੈ। ਪੁਰਖੁ—ਖਸਮ। ਨ ਲਭਈ—ਨ ਲਭੈ, ਨਹੀਂ ਲੱਭਦਾ। ਟੋਲੇ—ਟੋਲਿ, ਟੋਲ ਕੇ, ਖੋਜ ਕੇ। ਸਤਿਗੁਰਿ—ਸਤਿਗੁਰੂ ਨੇ। ਦਿੜਾਇਆ—(ਹਿਰਦੇ ਵਿਚ) ਪੱਕਾ ਕਰ ਦਿੱਤਾ। ਅਨਤ—(ANX>) ਹੋਰ ਪਾਸੇ। ਅਨਤ ਕਾਹੂ—ਕਿਸੇ ਭੀ ਹੋਰ ਪਾਸੇ। ਗੁਲ ਗੋਲੇ—ਗੋਲਿਆਂ ਦੇ ਗੋਲਿਆਂ ਦਾ, ਦਾਸਾਂ ਦੇ ਦਾਸਾਂ ਦਾ। 30।

ਅਰਥ:- ਹੇ ਭਾਈ! (ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਮਤਿ ਉੱਤੇ ਤੁਰ ਕੇ (ਸਦਾ) ਪਰਮਾਤਮਾ ਦਾ ਨਾਮ ਜਪਦੀ ਰਹਿੰਦੀ ਹੈ, ਉਹ ਦਿਨ ਰਾਤ ਪਰਮਾਤਮਾ ਦੇ ਪਿਆਰ ਵਿਚ ਖਿੱਚ ਪਾਂਦੀ ਰਹਿੰਦੀ ਹੈ, ਪਰਮਾਤਮਾ (ਦੇ ਨਾਮ) ਵਿਚ ਰੱਤੀ ਰਹਿੰਦੀ ਹੈ, ਉਹ ਪਰਮਾਤਮਾ ਦੇ (ਪ੍ਰੇਮ-) ਰੰਗ ਵਿਚ (ਆਤਮਕ ਆਨੰਦ) ਮਾਣਦੀ ਰਹਿੰਦੀ ਹੈ।

ਹੇ ਭਾਈ! ਮੈਂ ਸਾਰਾ ਸੰਸਾਰ ਭਾਲ ਕੇ ਵੇਖ ਲਿਆ ਹੈ, ਪਰਮਾਤਮਾ ਵਰਗਾ ਖਸਮ (ਕਿਸੇ ਹੋਰ ਥਾਂ) ਨਹੀਂ ਲੱਭਦਾ।

ਹੇ ਭਾਈ! ਗੁਰੂ ਸਤਿਗੁਰੂ ਨੇ (ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਪੱਕਾ ਕਰ ਦਿੱਤਾ, (ਉਸ ਦਾ) ਮਨ ਕਿਸੇ ਭੀ ਹੋਰ ਪਾਸੇ ਨਹੀਂ ਡੋਲਦਾ। ਹੇ ਭਾਈ! ਦਾਸ ਨਾਨਕ (ਭੀ) ਪਰਮਾਤਮਾ ਦਾ ਦਾਸ ਹੈ, ਗੁਰੂ ਸਤਿਗੁਰੂ ਦੇ ਦਾਸਾਂ ਦੇ ਦਾਸਾਂ ਦਾ ਦਾਸ ਹੈ। 30।